SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 215 | Friday, November 24, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਹੇਟ ਕ੍ਰਾਈਮ ਨੂੰ ਅੰਜ਼ਾਮ ਦੇਣ ਵਾਲੇ 11 ਵਿਅਕਤੀਆਂ ਨੂੰ ਕੀਤਾ ਗਿਆ ਚਾਰਜ

ਟੋਰਾਂਟੋ, 23 ਨਵੰਬਰ (ਪੋਸਟ ਬਿਊਰੋ) : ਦੋ ਹਫਤੇ ਪਹਿਲਾਂ ਬੇਅ ਸਟਰੀਟ ਤੇ ਬਲੂਅਰ ਸਟਰੀਟ ਵੈਸਟ ਉੱਤੇ ਸਥਿਤ ਇੰਡੀਗੋ ਸਟੋਰ ਉੱਤੇ ਲਾਲ ਰੰਗ ਦਾ ਪੇਂਟ ਕਰਕੇ ਤੇ ਪੋਸਟਰ ਲਾਉਣ ਵਾਲੇ 11 ਵਿਅਕਤੀਆਂ ਨੂੰ ਟੋਰਾਂਟੋ ਪੁਲਿਸ ਵੱਲੋਂ ਹੇਟ ਅਧਾਰਤ ਸ਼ਰਾਰਤ ਕਰਨ ਵਾਸਤੇ ਚਾਰਜ ਕੀਤਾ ਗਿਆ ਹੈ।




ਪ੍ਰਾਪਤ ਜਾਣਕਾਰੀ ਅਨੁਸਾਰ ਕੁੱਝ ਮਸ਼ਕੂਕਾਂ ਦਾ ਗਰੁੱਪ ਬੇਅ ਸਟਰੀਟ ਤੇ ਬਲੂਅਰ ਸਟਰੀਟ ਵੈਸਟ ਦੇ ਕੌਰਨਰ ਉੱਤੇ ਸਥਿਤ ਇਸ ਬੁੱਕਸਟੋਰ ਪਹੁੰਚਿਆ ਤੇ ਉਨ੍ਹਾਂ ਇਸ ਦੇ ਦਰਵਾਜ਼ਿਆਂ ਤੇ ਖਿੜਕੀਆਂ ਉੱਤੇ ਪੋਸਟਰ ਚਿਪਕਾਉਣੇ ਸ਼ੁਰੂ ਕਰ ਦਿੱਤੇ। ਪੁਲਿਸ ਨੇ ਦੱਸਿਆ ਕਿ ਫਿਰ ਇਨ੍ਹਾਂ ਮਸ਼ਕੂਕਾਂ ਨੇ ਇਸ ਸਟੋਰ ਦੀਆਂ ਖਿੜਕੀਆਂ ਤੇ ਸਾਈਡਵਾਕ ਉੱਤੇ ਲਾਲ ਰੰਗ ਦਾ ਪੇਂਟ ਕਰ ਦਿੱਤਾ। ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

ਇਨ੍ਹਾਂ ਮਸ਼ਕੂਕਾਂ ਵੱਲੋਂ ਸਟੋਰ ਦੇ ਯਹੂਦੀ ਬਾਨੀ ਤੇ ਸੀਈਓ ਹੈਦਰ ਰੇਜਮਨ ਉੱਤੇ ਨਸਲਕੁਸ਼ੀ ਨੂੰ ਫੰਡ ਕਰਨ ਦਾ ਦੋਸ਼ ਵੀ ਲਾਇਆ। 14 ਨਵੰਬਰ ਨੂੰ ਪੁਲਿਸ ਨੇ 41 ਸਾਲਾਂ ਦੀ ਨਿਸ਼ਾ ਟੂਮੇ ਨੂੰ 5000 ਡਾਲਰ ਤੋਂ ਵੱਧ ਦੀ ਸ਼ਰਾਰਤ ਕਰਨ ਲਈ ਚਾਰਜ ਕੀਤਾ। ਉਸ ਨੂੰ 8 ਜਨਵਰੀ, 2024 ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਟੋਰਾਂਟੋ ਦੀ ਹੇਟ ਕ੍ਰਾਈਮ ਯੂਨਿਟ ਵੱਲੋਂ ਕਈ ਸਰਚ ਵਾਰੰਟ ਕਢਵਾ ਕੇ ਘਰਾਂ ਤੇ ਗੱਡੀਆਂ ਦੀਆਂ ਤਲਾਸ਼ੀਆਂ ਲਈਆਂ ਗਈਆਂ। ਇਸ ਸਬੰਧ ਵਿੱਚ ਬੁੱਧਵਾਰ ਨੂੰ 10 ਹੋਰ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ :

- Sharmeen Khan, 45, of Toronto
- MacDonald Scott, 56, of Toronto
- Mercedes Lee, 44, of Toronto
- Suzanne Narain, 38, of Toronto
- Lesley Wood, 56, of Toronto
- Sarom Rho, 29, of Toronto
- an Doty, 43, of Toronto
- Stuart Schussler, 39, of Toronto
- Karl Sebastian Gardner, 33, of Toronto
- Clement Cheng, 26, of Toronto

ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਅਜੇ ਵੀ ਚੱਲ ਰਹੀ ਹੈ ਤੇ ਇਸ ਨੂੰ ਹੇਟ ਕ੍ਰਾਈਮ ਮੰਨਿਆ ਜਾ ਰਿਹਾ ਹੈ। ਇਸ ਦੌਰਾਨ ਟੋਰਾਂਟੋ ਪੁਲਿਸ ਚੀਫ ਮਾਇਰਨ ਡੈਮਕਿਊ ਨੇ ਆਖਿਆ ਕਿ ਇਜ਼ਰਾਈਲ ਹਮਸ ਜੰਗ ਦਰਮਿਆਨ ਹੇਟ ਕ੍ਰਾਈਮ ਵਧਿਆ ਹੈ।

## ਯੂਕਰੇਨ ਟਰੇਡ ਸਮਝੌਤੇ ਵਿੱਚ ਕਾਰਬਨ ਟੈਕਸ ਨੂੰ ਸ਼ਾਮਿਲ ਕਰਨ ਦਾ ਕੰਜ਼ਰਵੇਟਿਵਾਂ ਨੇ ਕੀਤਾ ਵਿਰੋਧ

ਓਟਵਾ, 23 ਨਵੰਬਰ (ਪੋਸਟ ਬਿਊਰੋ) : ਕੰਜ਼ਰਵੇਟਿਵ ਆਗੂ ਪਿਏਰ ਪੌਲੀਐਵਰ ਨੇ ਆਖਿਆ ਕਿ ਉਨ੍ਹਾਂ ਦੀ ਪਾਰਟੀ ਨੇ ਯੂਕਰੇਨ ਨਾਲ ਮੁਕਤ ਵਪਾਰ ਸਮਝੌਤੇ ਖਿਲਾਫ ਵੋਟ ਨਹੀਂ ਪਾਈ ਸਗੋਂ ਇੱਕ ਬਿੱਲ ਨੂੰ ਕਾਰਬਨ ਪ੍ਰਾਈਸਿੰਗ ਨੂੰ ਹੱਲਾਸ਼ੇਰੀ ਦੇਣ ਲਈ ਨਕਾਰਿਆ ਗਿਆ ਹੈ।

ਦੂਜੇ ਪਾਸੇ ਲਿਬਰਲਾਂ ਦਾ ਕਹਿਣਾ ਹੈ ਕਿ ਕੰਜ਼ਰਵੇਟਿਵਜ਼ ਅਮਰੀਕਾ ਦੀ ਰਿਪਬਲਿਕਨ ਪਾਰਟੀ ਦੀ ਤਰਜ਼ ਉੱਤੇ ਚੱਲ ਰਹੇ ਹਨ ਤੇ ਰੂਸ ਵੱਲੋਂ ਕੀਤੇ ਹਮਲੇ ਖਿਲਾਫ ਯੂਕਰੇਨ ਤੋਂ ਸਮਰਥਨ ਹੌਲੀ ਹੌਲੀ ਘਟਾਉਣ ਦੀ ਪੈਰਵੀ ਕਰ ਰਹੇ ਹਨ। ਇਸ ਮੁੱਦੇ ਉੱਤੇ ਹਾਊਸ ਆਫ ਕਾਮਨਜ਼ ਵਿੱਚ ਜੰਮ ਕੇ ਬਹਿਸ ਹੋਈ। ਪਾਰਲੀਆਮੈਂਟ ਵਿੱਚ ਸਰਕਾਰ ਵੱਲੋਂ ਪੇਸ਼ ਉਸ ਬਿੱਲ ਉੱਤੇ ਬਹਿਸ ਹੋ ਰਹੀ ਹੈ ਜਿਸ ਤਹਿਤ ਕੈਨੇਡਾ ਤੇ ਯੂਕਰੇਨ ਦਰਮਿਆਨ ਪਹਿਲਾਂ ਤੋਂ ਹੀ ਮੌਜੂਦ ਟਰੇਡ ਡੀਲ ਉੱਤੇ ਅਪਡੇਟ ਲਾਗੂ ਹੋਣੀ ਹੈ।



ਪ੍ਰਸਤਾਵਿਤ ਡੀਲ ਵਿੱਚ ਮੁੱਖ ਤੌਰ ਉੱਤੇ ਮਾਰਕਿਟ ਤੱਕ ਪਹੁੰਚ ਨੂੰ ਮੇਨਟੇਨ ਕਰਨ ਉੱਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਇਹ ਅਜਿਹਾ ਸਮਝੌਤਾ ਹੈ ਜਿਸ ਉੱਤੇ ਹਾਰਪਰ ਸਰਕਾਰ ਵੱਲੋਂ ਗੱਲਬਾਤ ਕੀਤੀ ਗਈ ਸੀ। ਇਸ ਵਿੱਚ ਨਵੇਂ ਨਿਵੇਸ਼ ਸਬੰਧੀ ਪ੍ਰਬੰਧ ਵੀ ਹਨ ਜਿਸ ਬਾਰੇ ਯੂਕਰੇਨ ਦਾ ਕਹਿਣਾ ਹੈ ਕਿ ਇਨ੍ਹਾਂ ਨਾਲ ਜੰਗ ਨਾਲ ਝੰਬੇ ਦੇਸ਼ ਦੇ ਪੁਨਰ ਨਿਰਮਾਣ ਵਿੱਚ ਮਦਦ ਮਿਲ ਸਕੇਗੀ। ਇਸ ਬਿੱਲ ਵਿੱਚ ਨਵਾਂ ਐਨਵਾਇਰਮੈਂਟ ਚੈਪਟਰ ਵੀ ਸ਼ਾਮਲ ਕੀਤਾ ਗਿਆ ਹੈ ਜਿੱਥੇ ਦੋਵੇਂ ਦੇਸ਼ਾਂ ਵੱਲੋਂ ਕਾਰਬਨ ਪ੍ਰਾਈਸਿੰਗ ਨੂੰ ਹੱਲਾਸ਼ੇਰੀ ਦੇਣ ਉੱਤੇ ਸਹਿਮਤੀ ਬਣੀ ਹੈ। ਜ਼ਿਕਰਯੋਗ ਹੈ ਕਿ ਯੂਕਰੇਨ ਵਿੱਚ ਕਈ ਸਾਲਾਂ ਤੋਂ ਕਾਰਬਨ ਪ੍ਰਾਈਸ ਲਾਗੂ ਹੈ ਤੇ ਇਸ ਦੇ ਅੰਬੈਸਡਰ ਕੈਨੇਡਾ ਨੂੰ ਵੀ ਇਸ ਸਬੰਧੀ ਬਿੱਲ ਪਾਸ ਕਰਨ ਲਈ ਆਖ ਰਹੇ ਹਨ।

ਬਾਕੀ ਸਾਰੀਆਂ ਪਾਰਟੀਆਂ ਵੱਲੋਂ ਮੰਗਲਵਾਰ ਨੂੰ ਬਿੱਲ ਨੂੰ ਮਨਜ਼ੂਰੀ ਦਿੱਤੇ ਜਾਣ ਦੇ ਬਾਵਜੂਦ ਕੰਜ਼ਰਵੇਟਿਵਾਂ ਵੱਲੋਂ ਸਰਬਸੰਮਤੀ ਨਾਲ ਬਿੱਲ ਨੂੰ ਕਮੇਟੀ ਕੋਲ ਭੇਜਣ ਖਿਲਾਫ ਵੋਟ ਕੀਤਾ ਗਿਆ। ਇਸ ਉੱਤੇ ਪੌਲੀਐਵਰ ਨੇ ਆਖਿਆ ਕਿ ਅਸੀਂ ਮੁਕਤ ਵਪਾਰ ਸਮਝੌਤੇ ਦੇ ਖਿਲਾਫ ਨਹੀਂ ਹਾਂ ਪਰ ਪਹਿਲਾਂ ਤੋਂ ਹੀ ਮੌਜੂਦ ਸਮਝੌਤੇ ਵਿੱਚ ਕਾਰਬਨ ਟੈਕਸ ਨੂੰ ਸ਼ਾਮਲ ਕੀਤੇ ਜਾਣ ਦੇ ਖਿਲਾਫ ਹਾਂ। ਉਨ੍ਹਾਂ ਆਖਿਆ ਕਿ ਕੈਨੇਡੀਅਨ ਅਰਥਚਾਰੇ ਲਈ ਕਾਰਬਨ ਟੈਕਸ ਤਬਾਹਕੁੰਨ ਹੋਵੇਗਾ।

## ਫਰੀ ਬਰਥ ਕੰਟਰੋਲ ਲਈ ਐਨਡੀਪੀ ਦੇ ਮਤੇ ਦਾ ਸਮਰਥਨ ਕਰਨ ਦਾ ਫੋਰਡ ਸਰਕਾਰ ਨੇ ਦਿੱਤਾ ਸੰਕੇਤ



ਓਨਟਾਰੀਓ, 23 ਨਵੰਬਰ (ਪੋਸਟ ਬਿਊਰੋ) : ਫੋਰਡ ਸਰਕਾਰ ਵੱਲੋਂ ਇਹ ਸੰਕੇਤ ਦਿੱਤਾ ਗਿਆ ਹੈ ਕਿ ਉਹ ਐਨਡੀਪੀ ਵੱਲੋਂ ਬਰਥ ਕੰਟਰੋਲ ਨੂੰ ਓਐਚਆਈਪੀ ਵੱਲੋਂ ਕਵਰ ਕੀਤੇ ਜਾਣ ਸਬੰਧੀ ਲਿਆਂਦੇ ਮਤੇ ਦਾ ਸਮਰਥਨ ਕਰਨਗੇ।

ਇਸ ਮਤੇ ਨੂੰ ਪਹਿਲਾਂ ਐਨਡੀਪੀ ਵੱਲੋਂ ਮਾਰਚ ਵਿੱਚ ਆਉਣ ਵਾਲੇ ਕੌਮਾਂਤਰੀ ਮਹਿਲਾ ਦਿਵਸ ਮੌਕੇ ਪੇਸ਼ ਕੀਤਾ ਗਿਆ ਸੀ। ਇਸ ਵਿੱਚ ਇਹ ਆਖਿਆ ਗਿਆ ਹੈ ਕਿ ਡਾਕਟਰਾਂ ਵੱਲੋਂ ਪ੍ਰਿਸਕ੍ਰਾਈਬ ਕੀਤੇ ਗਏ ਗਰਭ ਨਾ ਠਹਿਰਣ ਦੇ ਤਰੀਕਿਆਂ ਜਿਵੇਂ ਕਿ ਓਰਲ ਹਾਰਮੋਨ ਪਿੱਲਜ਼, ਕੌਂਟਰਾਸੈਪਟਿਵ ਇੰਜੈਕਸ਼ਨਜ਼, ਆਈਯੂਡੀਜ਼, ਪਲੈਨ ਬੀ (ਜਿਸ ਨੂੰ ਮੌਰਨਿੰਗ ਆਫਟਰ ਪਿੱਲ ਵਜੋਂ ਵੀ ਜਾਣਿਆ ਜਾਂਦਾ ਹੈ) ਨੂੰ ਪ੍ਰੋਵਿੰਸ਼ੀਅਲ ਹੈਲਥ ਪਲੈਨ ਤਹਿਤ ਕਵਰ ਕੀਤਾ ਜਾਵੇ।

ਇਸ ਸਮੇਂ ਓਐਚਆਈਪੀ ਸਿਰਫ ਉਨ੍ਹਾਂ ਲੋਕਾਂ ਲਈ ਕੌਂਟਰਾਸੈਪਸ਼ਨ ਨੂੰ ਕਵਰ ਕਰਦੀ ਹੈ ਜਿਹੜੇ 25 ਸਾਲ ਤੋਂ ਘੱਟ ਉਮਰ ਦੇ ਹੁੰਦੇ ਹਨ। ਉਹ ਵੀ ਉਦੋਂ ਤੱਕ ਜਦੋਂ ਤੱਕ ਉਨ੍ਹਾਂ ਨੂੰ ਪ੍ਰਾਈਵੇਟ ਪਲੈਨ ਹੇਠ ਕਵਰ ਨਹੀਂ ਕੀਤਾ ਜਾਂਦਾ। ਐਨਡੀਪੀ ਆਗੂ ਮੈਰਿਟ ਸਟਾਈਲਜ਼ ਦਾ ਕਹਿਣਾ ਹੈ ਕਿ ਇਸ ਪਾਸੇ ਕੀਤਾ ਜਾਣ ਵਾਲਾ ਇਹ ਸਹੀ ਕੰਮ ਹੈ। ਅਗਲੇ ਹਫਤੇ ਇਸ ਮਤੇ ਉੱਤੇ ਕੁਈਨਜ਼ ਪਾਰਕ ਵਿੱਚ ਬਹਿਸ ਹੋਵੇਗੀ। ਸਰਕਾਰ ਨੇ ਪਹਿਲਾਂ ਹੀ ਇਹ ਸੰਕੇਤ ਦੇ ਦਿੱਤਾ ਸੀ ਕਿ ਉਹ ਬ੍ਰਿਟਿਸ਼ ਕੋਲੰਬੀਆ ਵਿੱਚ ਪੇਸ਼ ਕੀਤੇ ਗਏ ਇਸੇ ਤਰ੍ਹਾਂ ਦੇ ਪਲੈਨ ਦਾ ਬਾਰੀਕੀ ਨਾਲ ਅਧਿਐਨ ਕਰ ਰਹੀ ਹੈ।

ਓਨਟਾਰੀਓ ਦੀ ਸਿਹਤ ਮੰਤਰੀ ਸਿਲਵੀਆ ਜੋਨਜ਼ ਦਾ ਕਹਿਣਾ ਹੈ ਕਿ ਉਹ ਇਸ ਆਈਡੀਆ ਦੀ ਹਮਾਇਤ ਕਰਦੀ ਹੈ ਤੇ ਐਨਡੀਪੀ ਦੇ ਮਤੇ ਦਾ ਮੁਲਾਂਕਣ ਕਰਨ ਲਈ ਕਾਹਲੀ ਹੈ।

## ਥੈਂਕਸਗਿਵਿੰਗ ਤੱਕ ਬੰਦ ਰਹੇਗਾ ਰੇਨਬੋਅ ਬ੍ਰਿੱਜ ਬਾਰਡਰ

ਓਨਟਾਰੀਓ, 23 ਨਵੰਬਰ (ਪੋਸਟ ਬਿਊਰੋ) : ਨਾਇਗਰਾ ਫਾਲਜ਼ ਵਿੱਚ ਓਨਟਾਰੀਓ ਤੇ ਪੱਛਮੀ ਨਿਊ ਯੌਰਕ ਦਰਮਿਆਨ ਰੇਨਬੋਅ ਬ੍ਰਿੱਜ ਬਾਰਡਰ ਕਰੌਸਿੰਗ ਉੱਤੇ ਬੁੱਧਵਾਰ ਨੂੰ ਵਾਪਰੇ ਦਿਲ ਦਹਿਲਾ ਦੇਣ ਵਾਲੇ ਹਾਦਸੇ ਵਿੱਚ ਦੋ ਵਿਅਕਤੀਆਂ ਦੀ ਜਾਨ ਚਲੀ ਗਈ। ਇਹ ਹਾਦਸਾ ਬ੍ਰਿੱਜ ਦੇ ਅਮਰੀਕੀ ਪਾਸੇ ਵੱਲ ਸਵੇਰੇ 11:30 ਵਜੇ ਹੋਇਆ। ਇਸ ਤੋਂ ਬਾਅਦ ਐਫਬੀਆਈ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਗਈ ਤੇ ਬਾਰਡਰ ਦੇ ਦੋਵਾਂ ਪਾਸਿਆਂ ਉੱਤੇ ਸਕਿਊਰਿਟੀ ਐਲਰਟ ਵੀ ਜਾਰੀ ਕਰ ਦਿੱਤਾ ਗਿਆ। ਇਹ ਸੱਭ ਉਦੋਂ ਤੱਕ ਜਾਰੀ ਰਿਹਾ ਜਦੋਂ ਤੱਕ ਅਧਿਕਾਰੀਆਂ ਨੇ ਇਹ ਨਹੀਂ ਆਖ ਦਿੱਤਾ ਕਿ ਇਹ ਲੋਕਲ ਪੁਲਿਸ ਦਾ ਮਾਮਲਾ ਹੈ। ਕਨਸੋਆਂ ਤਾਂ ਇਸ ਦੇ ਅੱਤਵਾਦੀ ਹਮਲਾ ਹੋਣ ਦੀਆਂ ਵੀ ਮਿਲੀਆਂ।



ਬਾਅਦ ਵਿੱਚ ਕਿਸੇ ਵੀ ਤਰ੍ਹਾਂ ਦੀ ਅੱਤਵਾਦੀ ਗਤੀਵਿਧੀ ਦਾ ਕੋਈ ਨਾਮੋ ਨਿਸ਼ਾਨ ਨਹੀਂ ਮਿਲਿਆ। ਅਧਿਕਾਰੀਆਂ ਨੇ ਦੱਸਿਆ ਕਿ ਗੱਡੀ ਦੇ ਮਲਬੇ ਵਿੱਚੋਂ ਕਿਸੇ ਵੀ ਤਰ੍ਹਾਂ ਦੀ ਧਮਾਕਾਖੇਜ਼ ਸਮੱਗਰੀ ਬਰਾਮਦ ਨਹੀਂ ਹੋਈ। ਬਾਅਦ ਵਿੱਚ ਇਸ ਮਾਮਲੇ ਨੂੰ ਟਰੈਫਿਕ ਜਾਂਚ ਦੱਸ ਕੇ ਨਾਇਗਰਾ ਫਾਲਜ਼ ਪੁਲਿਸ ਡਿਪਾਰਟਮੈਂਟ ਦੇ ਹਵਾਲੇ ਕਰ ਦਿੱਤਾ ਗਿਆ। ਇਸ ਬੈਂਟਲੇ ਗੱਡੀ ਵਿੱਚ ਸਵਾਰ ਡਰਾਈਵਰ ਤੇ ਪੈਸੈਂਜਰ ਦੋਵੇਂ ਹੀ ਮਾਰੇ ਗਏ। ਮਾਰੇ ਗਏ ਵਿਅਕਤੀਆਂ ਦੀ ਸ਼ਨਾਖ਼ਤ ਅਜੇ ਨਹੀਂ ਹੋਈ। ਪਰ ਜਾਂਚ ਬਾਰੇ ਬ੍ਰੀਫ ਕਰਨ ਵਾਲੇ ਸ਼ਖ਼ਸ ਨੇ ਦੱਸਿਆ ਕਿ ਮਾਰੇ ਗਏ ਲੋਕ ਪਤੀ ਪਤਨੀ ਸਨ। ਹਾਦਸੇ ਦੇ ਕਾਰਨਾਂ ਦੀ ਜਾਂਚ ਕਰਨ ਦੀ ਅਜੇ ਵੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਕਮਰਸ਼ੀਅਲ ਵ੍ਹੀਕਲਜ਼ ਨੂੰ ਰੇਨ-ਬੋਅ ਬ੍ਰਿੱਜ ਦੀ ਵਰਤੋਂ ਕਰਨ ਦੀ ਇਜਾਜ਼ਤ ਨਹੀਂ ਹੈ। ਰੋਜ਼ਾਨਾ 6000 ਗੱਡੀਆਂ ਇਸ ਪੁਲ ਤੋਂ ਲੰਘਦੀਆਂ ਹਨ। ਇਹ ਵੀ ਜਾਣਕਾਰੀ ਮਿਲੀ ਹੈ ਕਿ ਥੈਂਕਸਗਿਵਿੰਗ ਤੱਕ ਰੇਨਬੋਅ ਬ੍ਰਿੱਜ ਬਾਰਡਰ ਨੂੰ ਬੰਦ ਰੱਖਿਆ ਜਾਵੇਗਾ।

## ਤੇਜ਼ ਰਫਤਾਰ ਟੈਸਲਾ ਗਾਰਡਰੇਲ ਨਾਲ ਟਕਰਾਅ ਕੇ ਖੱਡ ਵਿੱਚ ਡਿੱਗੀ, 6 ਵਾਲ ਵਾਲ ਬਚੇ

ਟੋਰਾਂਟੋ, 23 ਨਵੰਬਰ (ਪੋਸਟ ਬਿਊਰੋ): ਛੇ ਵਿਅਕਤੀਆਂ ਦੀ ਕਿਸਮਤ ਹੀ ਚੰਗੀ ਸੀ ਕਿ ਜਿਸ ਗੱਡੀ ਵਿੱਚ ਉਹ ਸਫਰ ਕਰ ਰਹੇ ਸਨ ਉਹ ਡੌਨ ਵੈਲੀ ਪਾਰਕਵੇਅ ਉੱਤੇ ਗਾਰਡਰੇਲ ਨਾਲ ਟਕਰਾ ਕੇ ਹੇਠਾ ਖੱਡ ਵਿੱਚ ਜਾ ਡਿੱਗੀ ਪਰ ਉਹ ਸਾਰੇ ਬਚ ਗਏ।




ਬੁੱਧਵਾਰ ਨੂੰ ਰਾਤੀਂ 10:50 ਦੇ ਨੇੜੇ ਤੇੜੇ ਲਾਅਰੈਂਸ ਐਵਨਿਊ ਦੇ ਪੱਛਮ ਵੱਲ ਡੀਵੀਪੀ ਦੇ ਐਗਜ਼ਿਟ ਰੈਂਪ ਦੇ ਉੱਤਰ ਉੱਤੇ ਵਾਪਰੇ ਇਸ ਹਾਦਸੇ ਦੀ ਖਬਰ ਸੁਣਦੇ ਸਾਰ ਐਮਰਜੰਸੀ ਅਮਲਾ ਮੌਕੇ ਉੱਤੇ ਪਹੁੰਚਿਆ। ਟੋਰਾਂਟੋ ਪੁਲਿਸ ਦੇ ਸਰੋਤ ਨੇ ਦੱਸਿਆ ਕਿ ਇੱਕ ਟੈਸਲਾ, ਜਿਸ ਵਿੱਚ ਛੇ ਲੋਕ ਸਵਾਰ ਸਨ ਤੇਜ਼ ਰਫਤਾਰ ਨਾਲ ਰੈਂਪ ਉੱਤੇ ਲੱਗੇ ਗਾਰਡਰੇਲ ਨਾਲ ਟਕਰਾਉਣ ਤੋਂ ਬਾਅਦ ਹਵਾ ਵਿੱਚ ਉਛਲੀ ਤੇ ਕਈ ਫੁੱਟ ਹੇਠਾਂ ਖੱਡ ਵਿੱਚ ਜਾ ਡਿੱਗੀ।

ਇਸ ਹਾਦਸੇ ਵਿੱਚ ਕੋਈ ਵੀ ਜ਼ਖ਼ਮੀ ਨਹੀਂ ਹੋਇਆ ਪਰ ਗੱਡੀ ਨੂੰ ਕਾਫੀ ਨੁਕਸਾਨ ਪਹੁੰਚਿਆ। ਪੁਲਿਸ ਨੇ ਦੱਸਿਆ ਕਿ ਡਰਾਈਵਰ ਨੂੰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਤੋਂ ਇਲਾਵਾ ਗੱਡੀ ਨੂੰ ਬਾਹਰ ਕੱਢਣ ਲਈ ਭਾਰੀ ਟੋਅ ਦੇ ਜਿਹੜੇ ਪੈਸੇ ਦੇਣੇ ਹੋਣਗੇ ਉਹ ਵੀ ਡਰਾਈਵਰ ਨੂੰ ਹੀ ਭਰਨੇ ਪੈਣਗੇ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

Allstate
You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
• CPAP machines, masks and supplies
• Free consultations
• 30 day mask exchange
• Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill
Certified & Licensed Exterminator

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan Certified Instructor
Cell: 416 726 6206 Tel: 905 405 0001

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A to Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਪਾਕਿਸਤਾਨ ਜਾਣਗੇ 3 ਹਜ਼ਾਰ ਭਾਰਤੀ ਸਿੱਖ, ਪਾਕਿ ਸਰਕਾਰ ਨੇ ਜਾਰੀ ਕੀਤਾ ਵੀਜ਼ਾ

ਨਵੀਂ ਦਿੱਲੀ, 23 ਨਵੰਬਰ (ਪੋਸਟ ਬਿਊਰੋ): ਸਿੱਖ ਧਰਮ ਦੇ ਪਹਿਲੇ ਗੁਰੂ ਨਾਨਕ ਦੇਵ ਜੀ ਦਾ 554ਵਾਂ ਪ੍ਰਕਾਸ਼ ਪੁਰਬ 26 ਨਵੰਬਰ ਨੂੰ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦਾ ਮੂਲ ਜਨਮ ਅਸਥਾਨ ਇਸ ਸਮੇਂ ਨਨਕਾਣਾ ਸਾਹਿਬ, ਪਾਕਿਸਤਾਨ ਵਿੱਚ ਹੈ ਅਤੇ ਗੁਰਪੁਰਬ ਨਨਕਾਣਾ ਸਾਹਿਬ ਦੇ ਗੁਰਦੁਆਰੇ ਵਿੱਚ ਬੜੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਕੁਝ ਸਾਲ ਪਹਿਲਾਂ ਭਾਰਤੀ ਇੱਥੇ ਨਹੀਂ ਜਾ ਸਕਦੇ ਸਨ ਪਰ



ਦੋਵਾਂ ਸਰਕਾਰਾਂ ਵਿਚਾਲੇ ਗੱਲਬਾਤ ਤੋਂ ਬਾਅਦ ਹੁਣ ਭਾਰਤੀਆਂ ਨੂੰ ਵੀ ਇਸ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਦਿੱਤੀ ਗਈ ਹੈ।

ਪਾਕਿਸਤਾਨ ਸਰਕਾਰ ਨੇ 25 ਨਵੰਬਰ ਤੋਂ 4 ਦਸੰਬਰ ਤੱਕ ਕਰੀਬ 3 ਹਜ਼ਾਰ ਭਾਰਤੀਆਂ ਨੂੰ ਵੀਜ਼ੇ ਜਾਰੀ ਕੀਤੇ ਹਨ। ਭਾਰਤ 'ਚ ਪਾਕਿਸਤਾਨ ਹਾਈ ਕਮਿਸ਼ਨ ਨੇ ਟਵੀਟ ਕੀਤਾ ਕਿ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਪਾਕਿਸਤਾਨ ਹਾਈ ਕਮਿਸ਼ਨ ਨੇ ਭਾਰਤ ਤੋਂ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨ 'ਚ 25 ਨਵੰਬਰ ਤੋਂ 04 ਦਸੰਬਰ 2023 ਤੱਕ ਹੋਣ ਵਾਲੇ ਪ੍ਰੋਗਰਾਮ 'ਚ ਹਿੱਸਾ ਲੈਣ ਦੀ ਇਜਾਜ਼ਤ ਦੇ ਦਿੱਤੀ ਹੈ ਅਤੇ 3000 ਵੀਜ਼ੇ ਜਾਰੀ ਕੀਤੇ ਗਏ ਹਨ।

# ਮਮਤਾ ਬੈਨਰਜੀ ਨੇ ਕਿਹਾ: ਜੇਕਰ ਫਾਈਨਲ ਕੋਲਕਾਤਾ ਵਿਚ ਹੋਇਆ ਹੁੰਦਾ ਤਾਂ ਭਾਰਤ ਵਿਸ਼ਵ ਕੱਪ ਜਿੱਤ ਜਾਂਦਾ

ਕੋਲਕਾਤਾ, 23 ਨਵੰਬਰ (ਪੋਸਟ ਬਿਊਰੋ): ਵਿਸ਼ਵ ਕੱਪ ਸਮਾਪਤ ਹੋ ਚੁਕੱਾ ਹੈ ਪਰ ਕਈ ਰਾਜਨੀਤਕ ਆਗੂਆਂ ਦੇ ਬਿਆਨ ਸਾਹਮਣੇ ਆ ਰਹੇ ਹਨ। ਹੁਣ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਹੈ ਕਿ ਜੇਕਰ ਵਿਸ਼ਵ ਕੱਪ ਫਾਈਨਲ ਕੋਲਕਾਤਾ ਵਿੱਚ ਹੁੰਦਾ ਤਾਂ ਟੀਮ ਇੰਡੀਆ ਜਿੱਤ ਜਾਂਦੀ। ਭਾਰਤੀ ਕ੍ਰਿਕਟ ਟੀਮ ਨੇ ਵਿਸ਼ਵ ਕੱਪ ਵਿੱਚ ਸਾਰੇ ਮੈਚ ਜਿੱਤੇ ਪਰ ਇੱਕ ਮੈਚ ਨੂੰ ਛੱਡ ਕੇ ਜਿਸ ਵਿੱਚ ਪਾਪੀ ਮੌਜੂਦ ਸਨ।



ਮਮਤਾ ਇੱਥੇ ਹੀ ਨਹੀਂ ਰੁਕੇ, ਉਨ੍ਹਾਂ ਨੇ ਟੀਮ ਇੰਡੀਆ ਦੀ ਜਰਸੀ ਨੂੰ ਲੈ ਕੇ ਭਾਜਪਾ 'ਤੇ ਵੀ ਨਿਸ਼ਾਨਾ ਸਾਧਿਆ। ਮਮਤਾ ਨੇ ਕਿਹਾ ਕਿ ਭਗਵਾ ਤਿਆਗੀਆਂ ਦਾ ਰੰਗ ਹੈ, ਪਰ ਤੁਸੀਂ ਲੋਕ ਭੋਗੀ ਹੋ।

ਮਮਤਾ ਨੇ ਕੋਲਕਾਤਾ ਦੇ ਨੇਤਾਜੀ ਇਨਡੋਰ ਸਟੇਡੀਅਮ ਵਿਚ ਪਾਰਟੀ ਵਰਕਰਾਂ ਵਿਚਾਲੇ ਕਿਹਾ ਕਿ ਦੇਸ਼ ਦੀ ਕ੍ਰਿਕਟ ਟੀਮ ਨੂੰ 'ਭਗਵਾਕਰਨ' ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮਮਤਾ ਨੇ ਦਾਅਵਾ ਕੀਤਾ ਕਿ ਟੀਮ ਇੰਡੀਆ ਦੇ ਖਿਡਾਰੀਆਂ ਨੇ ਭਗਵੀਂ ਜਰਸੀ ਦਾ ਵਿਰੋਧ ਕੀਤਾ ਸੀ, ਇਸ ਲਈ ਉਨ੍ਹਾਂ ਨੇ ਮੈਚ ਵਿਚ ਭਗਵਾ ਨਹੀਂ ਸਗੋਂ ਨੀਲੀ ਜਰਸੀ ਪਹਿਨੀ ਸੀ।

ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਉਹ ਦਸੰਬਰ 'ਚ ਹੋਣ ਵਾਲੇ ਸਰਦ ਰੁੱਤ ਸੈਸ਼ਨ ਦੌਰਾਨ ਪਾਰਟੀ ਦੇ ਸਾਰੇ ਸੰਸਦ ਮੈਂਬਰਾਂ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਦੀ ਮੰਗ ਕਰੇਗੀ। ਜੇਕਰ ਉਨ੍ਹਾਂ ਨੂੰ ਇਜਾਜ਼ਤ ਨਾ ਮਿਲੀ ਤਾਂ ਉਹ ਦਿੱਲੀ 'ਚ ਧਰਨਾ ਦੇਣਗੇ।

ਇਸ ਦੌਰਾਨ ਮਮਤਾ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਬੰਗਾਲ ਵਿੱਚ ਬੇਰੁਜ਼ਗਾਰੀ ਵਧਾ ਰਹੀ ਹੈ। ਬੰਗਾਲ ਵਿੱਚ ਬੇਰੁਜ਼ਗਾਰੀ 40% ਘਟੀ ਹੈ ਪਰ ਸਰਕਾਰ ਇਸ ਸੱਚਾਈ ਨੂੰ ਛੁਪਾ ਰਹੀ ਹੈ। ਮਮਤਾ ਨੇ ਕਿਹਾ ਕਿ ਬੰਗਾਲ ਦੇ ਸਾਰੇ ਮੈਟਰੋ ਸਟੇਸ਼ਨ ਵੀ ਪੂਰੀ ਤਰ੍ਹਾਂ ਭਗਵਾ ਵਿੱਚ ਤਬਦੀਲ ਹੋ ਗਏ ਹਨ। ਸੂਬਾ ਸਰਕਾਰ ਨੂੰ ਪੱਤਰ ਭੇਜ ਕੇ ਕਿਹਾ ਗਿਆ ਹੈ ਕਿ ਸਾਰੇ ਸਿਹਤ ਕੇਂਦਰਾਂ ਨੂੰ ਭਗਵਾ ਰੰਗਤ ਕਰਨਾ ਹੋਵੇਗਾ, ਨਹੀਂ ਤਾਂ ਫੰਡ ਨਹੀਂ ਦਿੱਤੇ ਜਾਣਗੇ।

# ਅਮਰੀਕਾ ਵਿਚ ਭਾਰਤੀ ਵਿਦਿਆਰਥੀ ਦਾ ਗੋਲੀ ਮਾਰ ਕੇ ਕਤਲ, ਘਟਨਾ 9 ਨਵੰਬਰ ਦੀ, ਹੁਣ ਲੱਗਾ ਪਤਾ

ਨਿਊਯਾਰਕ, 23 ਨਵੰਬਰ (ਪੋਸਟ ਬਿਊਰੋ): ਅਮਰੀਕਾ ਦੇ ਓਹੀਓ ਵਿਚ ਮੈਡੀਕਲ ਦੀ ਪੜ੍ਹਾਈ ਕਰ ਰਹੇ ਇਕ ਭਾਰਤੀ ਵਿਦਿਆਰਥੀ ਦੀ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਇਹ ਘਟਨਾ 9 ਨਵੰਬਰ ਦੀ ਹੈ। ਅਦਿੱਤਿਆ ਅਦਲਖਾ ਨਾਮ ਦੇ ਭਾਰਤੀ ਵਿਦਿਆਰਥੀ ਨੂੰ ਕਾਰ ਵਿੱਚ ਗੋਲੀ ਮਾਰ ਦਿੱਤੀ ਗਈ ਸੀ। ਦੋ ਦਿਨ ਬਾਅਦ 11 ਨਵੰਬਰ ਨੂੰ ਉਸਦੀ ਮੌਤ ਹੋ ਗਈ। ਇਹ ਖਬਰ ਹੁਣ ਸਾਹਮਣੇ ਆਈ ਹੈ। ਇਸ ਮਾਮਲੇ




ਵਿੱਚ ਹਾਲੇ ਤੱਕ ਕਿਸੇ ਦੀ ਗ੍ਰਿਫ਼ਤਾਰੀ ਨਹੀਂ ਹੋਈ ਹੈ।

ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਅਦਲਖਾ ਉਸ ਵਾਹਨ ਦੇ ਅੰਦਰ ਮਿਲਿਆ, ਜੋ ਇੱਕ ਕੰਧ ਨਾਲ ਟਕਰਾ ਗਿਆ ਸੀ ਅਤੇ ਡਰਾਈਵਰ ਵਾਲੇ ਪਾਸੇ ਦੀ ਖਿੜਕੀ ਵਿੱਚ ਘੱਟੋ-ਘੱਟ ਤਿੰਨ ਗੋਲੀਆਂ ਦੇ ਛੇਕ ਦਿਖਾਈ ਦੇ ਰਹੇ ਸਨ। ਹੈਮਿਲਟਨ ਕਾਉਂਟੀ ਕੋਰੋਨਰ ਦਫਤਰ ਨੇ ਕਿਹਾ ਕਿ ਗੋਲੀਬਾਰੀ ਤੋਂ ਬਾਅਦ ਯੂਸੀ ਮੈਡੀਕਲ ਸੈਂਟਰ ਲਿਜਾਏ ਜਾਣ ਤੋਂ ਦੋ ਦਿਨ ਬਾਅਦ ਅਦਲਖਾ ਦੀ 11 ਨਵੰਬਰ ਨੂੰ ਮੌਤ ਹੋ ਗਈ। ਪੁਲਿਸ ਗੋਲੀਬਾਰੀ ਦੀ ਘਟਨਾ ਦੀ ਜਾਂਚ ਕਰ ਰਹੀ ਹੈ।

# ਔਰਤ ਨੇ ਆਪਣੀ ਪੈਂਟ ਲਾਹ ਕੇ ਉੱਡਦੇ ਜਹਾਜ਼ ਵਿੱਚ ਕੀਤੀ ਅਜੀਬ ਗੱਲਾਂ

ਨਿਊਯਾਰਕ, 23 ਨਵੰਬਰ (ਪੋਸਟ ਬਿਊਰੋ): ਅਮਰੀਕਾ ਦੇ ਫਲੋਰੀਡਾ ਤੋਂ ਫਿਲਾਡੇਲਫੀਆ ਜਾਂਦੇ ਸਮੇਂ ਜਹਾਜ਼ 'ਚ ਵਾਪਰੀ ਇਕ ਅਜੀਬ ਘਟਨਾ ਤੋਂ ਯਾਤਰੀ ਹੈਰਾਨ ਹਨ। ਜਹਾਜ਼ ਵਿੱਚ ਇੱਕ ਮਹਿਲਾ ਸਹਿ-ਯਾਤਰੀ ਨੇ ਅਚਾਨਕ ਸਭ ਦੇ ਸਾਹਮਣੇ ਆਪਣੀ ਪੈਂਟ ਲਾਹ ਦਿੱਤੀ। ਜਦੋਂ ਔਰਤ ਨੇ ਆਪਣੀ ਪੈਂਟ ਖੋਲ੍ਹੀ ਤਾਂ



ਜਹਾਜ਼ ਉੱਡ ਰਿਹਾ ਸੀ। ਔਰਤ ਅੱਧ ਨੰਗੀ ਹੋ ਕੇ ਲੋਕਾਂ ਦੇ ਸਾਹਮਣੇ ਖੜ੍ਹੀ ਹੋ ਗਈ। ਇਸ ਨਾਲ ਜਹਾਜ਼ 'ਚ ਹੜਕੰਪ ਮਚ ਗਿਆ। ਅਜਿਹਾ ਹੈਰਾਨੀਜਨਕ ਨਜ਼ਾਰਾ ਦੇਖ ਕੇ ਯਾਤਰੀ ਵੀ ਦੰਗ ਰਹਿ ਗਏ। ਘਟਨਾ ਦਾ ਪਤਾ ਲੱਗਦੇ ਹੀ ਚਾਲਕ ਦਲ ਦੇ ਮੈਂਬਰਾਂ ਅਤੇ ਏਅਰ ਹੋਸਟੈਸ 'ਚ ਦਹਿਸ਼ਤ ਫੈਲ ਗਈ। ਫਲਾਈਟ ਸਟਾਫ ਤੁਰੰਤ ਮਹਿਲਾ ਨੂੰ ਦਿਲਾਸਾ ਦੇਣ ਲਈ ਪਹੁੰਚਿਆ ਅਤੇ ਉਸ ਨੂੰ ਪੈਂਟ ਪਹਿਨਣ ਦੀ ਬੇਨਤੀ ਕੀਤੀ। ਪਰ ਔਰਤ ਕਾਫੀ ਦੇਰ ਤੱਕ ਆਪਣੀ ਪੈਂਟ ਖੁੱਲ੍ਹੀ ਕਰਕੇ ਖੜ੍ਹੀ ਰਹੀ।

ਇਹ ਘਟਨਾ ਇਸ ਹਫਤੇ ਦੇ ਸ਼ੁਰੂ 'ਚ ਸੋਮਵਾਰ ਨੂੰ ਫਰੰਟੀਅਰ ਏਅਰਲਾਈਨਜ਼ ਦੀ ਫਲਾਈਟ 'ਚ ਵਾਪਰੀ ਸੀ। ਇੱਕ ਔਰਤ ਨੇ ਹਵਾ ਵਿੱਚ ਆਪਣੀ ਪੈਂਟ ਲਾਹ ਦਿੱਤੀ ਅਤੇ ਪਿਸ਼ਾਬ ਕਰਨ ਦੀ ਧਮਕੀ ਦਿੱਤੀ। ਫਲੋਰੀਡਾ ਤੋਂ ਫਿਲਾਡੇਲਫੀਆ ਜਾ ਰਹੀ ਇਹ ਫਲਾਈਟ ਯਾਤਰੀਆਂ ਨਾਲ ਖਚਾਖਚ ਭਰੀ ਹੋਈ ਸੀ। ਉਡਾਨ ਦੌਰਾਨ ਮਹਿਲਾ ਕਮਰ ਤੋਂ ਹੇਠਾਂ ਤੱਕ ਪੂਰੀ ਤਰ੍ਹਾਂ ਨਗਨ ਸੀ। ਫਲਾਈਟ ਅਟੈਂਡੈਂਟ ਨੇ ਉਸ ਨੂੰ ਕਿਹਾ ਕਿ ਉਹ ਉਸ ਸਮੇਂ ਵਾਸ਼ਰੂਮ ਦੀ ਵਰਤੋਂ ਨਹੀਂ ਕਰ ਸਕਦੀ ਹੈ, ਤਾਂ ਔਰਤ ਨੇ ਗਲੀ ਵਿਚ ਆਪਣੇ ਆਪ ਨੂੰ ਰਾਹਤ ਦੇਣ ਦੀ ਧਮਕੀ ਦਿੱਤੀ।

## ਅੱਜ ਨਾਮਾ


ਰੌਲਾ ਪਿਆ ਸੁਣਦਾ ਕਦੇ ਵਾਟਸਐਪ ਦਾ,  
ਛਿੜਦਾ ਟਵਿੱਟਰ ਦਾ ਕਦੀ ਵਿਵਾਦ ਬੇਲੀ।  
ਫੇਸਬੁੱਕ ਲੜਵਾਉਂਦੀ ਕਦੀ ਯਾਰ-ਮਿੱਤਰ,  
ਮਗਰੋਂ ਰਹਿੰਦਾ ਵਿਵਾਦ ਨਹੀਂ ਯਾਦ ਬੇਲੀ।  
ਟਿਪਣੀ ਦੂਜਿਆਂ ਲਈ ਪੜ੍ਹਦੇ ਲੋਕ ਭਾਈ,  
ਚਸਕਿਆਂ ਨਾਲ ਫਿਰ ਲੈਣ ਸਵਾਦ ਬੇਲੀ।  
ਨਿਗੂਣੇ ਮਸਲਿਆਂ ਤੋਂ ਝਗੜੇ ਹੋਣ ਲੱਗਦੇ,  
ਹੁੰਦਾ ਈ ਵਾਧੂ ਦਾ ਵਕਤ ਬਰਬਾਦ ਬੇਲੀ।  
ਬਣਾਈ ਚੀਜ਼ ਤਾਂ ਚੰਗੀ ਵਿਗਿਆਨੀਆਂ ਨੇ,  
ਫੁਕਰਿਆਂ ਹੱਥ ਆ ਕੇ ਰੱਫੜ ਪਾਏ ਬੇਲੀ।  
ਜਿਹੜੇ ਕਹਿੰਦੇ ਨੇ ਏਸ ਵਿੱਚ ਰੱਖਿਆ ਕੀ,  
ਕੰਨ ਨੂੰ ਫੋਨ ਰਹਿੰਦੇ ਉਹ ਨੇ ਲਾਏ ਬੇਲੀ।

ਤੀਸ ਮਾਰ ਖਾਂ





















# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਏਯੂ ਸਮਾਲ ਫਾਇਨਾਂਸ ਬੈਂਕ ਵੱਲੋਂ ਸੰਗਤ ਲਈ ਚਾਰ ਬੈਂਟਰੀ ਵਾਹਨ ਭੇਟ

## ਬੈਂਕ ਅਧਿਕਾਰੀਆਂ ਨੂੰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤਾ ਸਨਮਾਨਿਤ



ਅੰਮ੍ਰਿਤਸਰ, 23 ਨਵੰਬਰ (ਗਿਆਨ ਸਿੰਘ): ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਸੰਗਤਾਂ ਦੀ ਸਹੂਲਤ ਲਈ ਏਯੂ ਸਮਾਲ ਫਾਇਨਾਂਸ ਬੈਂਕ ਨੇ ਚਾਰ ਬੈਂਟਰੀ ਵਾਹਨ ਭੇਟ ਕੀਤੇ ਹਨ। ਦਫ਼ਤਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਏਯੂ ਸਮਾਲ ਫਾਇਨਾਂਸ ਬੈਂਕ ਦੇ ਗਰੁੱਪ ਹੈੱਡ ਸ੍ਰੀ ਰਿਸ਼ੀ ਧਾਰੀਵਾਲ ਨੇ ਵਾਹਨਾਂ ਦੀਆਂ ਚਾਬੀਆਂ ਸੌਂਪੀਆਂ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੋਜ਼ਾਨਾ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਪੁੱਜਦੀਆਂ ਹਨ। ਸੰਗਤਾਂ ਲਈ ਸਹੂਲਤ ਲਈ ਵੱਖ-ਵੱਖ ਕੰਪਨੀਆਂ ਵੱਲੋਂ ਵਾਹਨ ਭੇਟ ਕਰਕੇ ਗੁਰੂ ਘਰ ਪ੍ਰਤੀ ਸ਼ਰਧਾ ਪ੍ਰਗਟਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅੱਜ ਏਯੂ ਸਮਾਲ ਫਾਇਨਾਂਸ ਬੈਂਕ ਵੱਲੋਂ ਚਾਰ ਬੈਂਟਰੀ ਵਾਹਨ ਭੇਟ ਕੀਤੇ ਗਏ ਹਨ, ਜੋ ਬਜ਼ੁਰਗਾਂ, ਬੱਚਿਆਂ ਅਤੇ ਲੋੜਵੰਦਾਂ ਦੀ ਸਹੂਲਤ ਲਈ ਵਰਤੇ ਜਾਣਗੇ। ਉਨ੍ਹਾਂ ਕਿਹਾ ਕਿ ਬੈਂਕ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਨਿਵਾਸ ਦੇ ਸਾਹਮਣੇ ਇਨ੍ਹਾਂ ਵਾਹਨਾਂ ਨੂੰ ਚਾਰਜ ਕਰਨ ਲਈ ਸਥਾਨ ਦੇ ਨਾਲ-ਨਾਲ ਸੰਗਤ ਦੇ ਬੈਠਣ ਦਾ ਵੀ ਪ੍ਰਬੰਧ ਕੀਤਾ ਹੈ। ਐਡਵੋਕੇਟ ਧਾਮੀ ਨੇ ਏਯੂ ਸਮਾਲ ਫਾਈਨੈਂਸ ਬੈਂਕ ਵੱਲੋਂ ਕੀਤੀ ਸੇਵਾ ਦੀ ਸ਼ਲਾਘਾ ਕੀਤੀ।

ਇਸ ਮੌਕੇ ਬੈਂਕ ਹੈੱਡ ਰਿਸ਼ੀ ਧਾਰੀਵਾਲ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਇਕ ਅਜਿਹਾ ਅਧਿਆਤਮਕ ਕੇਂਦਰ ਹੈ, ਜਿਥੇ ਦੁਨੀਆਂ ਭਰ ਤੋਂ ਲੱਖਾਂ ਲੋਕ ਦਰਸ਼ਨ ਕਰਨ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਬੈਂਕ ਵੱਲੋਂ ਵਾਹਨ ਭੇਟ ਕਰਨ ਦਾ ਮਕਸਦ ਬੱਚੇ ਅਤੇ ਬਜ਼ੁਰਗ ਸੰਗਤ ਨੂੰ ਬੇਹਤਰ ਸੁਵਿਧਾ ਦੇਣਾ ਹੈ, ਤਾਂ ਜੋ ਉਨ੍ਹਾਂ ਨੂੰ ਦਰਸ਼ਨ ਕਰਨ ਸਮੇਂ ਕੋਈ ਮੁਸ਼ਕਲ ਨਾ ਆਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੈਂਕ ਅਧਿਕਾਰੀਆਂ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਹਰਜਾਪ ਸਿੰਘ ਸੁਲਤਾਨਵਿੰਡ, ਅਵਤਾਰ ਸਿੰਘ ਵਣਵਾਲਾ, ਹਰਪਾਲ ਸਿੰਘ ਜੱਲਾ, ਸੁਖਹਰਪ੍ਰੀਤ ਸਿੰਘ ਰੋਡੇ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਸਕੱਤਰ ਪ੍ਰਤਾਪ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸੁਖਮਿੰਦਰ ਸਿੰਘ, ਕੁਲਵਿੰਦਰ ਸਿੰਘ ਰਮਦਾਸ, ਤੇਜਿੰਦਰ ਸਿੰਘ ਪੱਡਾ, ਪ੍ਰੀਤਪਾਲ ਸਿੰਘ, ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਸ਼ਾਹਬਾਜ਼ ਸਿੰਘ, ਗੁਰਨਾਮ ਸਿੰਘ, ਪਰਮਜੀਤ ਸਿੰਘ, ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ ਅਤੇ ਹੋਰ ਮੌਜੂਦ ਸਨ।

# ਕਿਸਾਨਾਂ ਨੇ ਨੈਸ਼ਨਲ ਹਾਈਵੇ ਤੋਂ ਬਾਅਦ ਜਲੰਧਰ ਵਿਚ ਰੇਲਵੇ ਟਰੈਕ ਕੀਤਾ ਜਾਮ, 12 ਲੋਕਲ ਟਰੇਨਾਂ ਪ੍ਰਭਾਵਿਤ, 15 ਰੱਦ




ਚੰਡੀਗੜ੍ਹ, 23 ਨਵੰਬਰ (ਪੋਸਟ ਬਿਊਰੋ): ਪੰਜਾਬ ਵਿਚ ਕਿਸਾਨ ਗੰਨੇ ਦੇ ਰੇਟ ਵਧਾਉਣ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ। ਜਲੰਧਰ ਵਿਚ ਦਿੱਲੀ-ਜੰਮੂ ਨੈਸ਼ਨਲ ਹਾਈਵੇ (ਐੱਨ.ਐੱਚ.-44) ਤੋਂ ਬਾਅਦ ਕਿਸਾਨਾਂ ਨੇ ਵੀ ਅਣਮਿੱਥੇ ਸਮੇਂ ਲਈ ਰੇਲ ਮਾਰਗ ਜਾਮ ਕਰ ਦਿੱਤਾ ਹੈ। ਉਨ੍ਹਾਂ ਲੁਧਿਆਣਾ ਵੱਲ ਜਾਂਦੇ ਸਮੇਂ ਪੀਏਪੀ ਚੌਕ ਤੋਂ ਕੁਝ ਦੂਰੀ ’ਤੇ ਧਨੋਵਾਲੀ ਫਾਟਕ ਨੇੜੇ ਰੇਲਵੇ ਟਰੈਕ ਅਤੇ ਨੈਸ਼ਨਲ ਹਾਈਵੇ ਨੂੰ ਬੰਦ ਕਰ ਦਿੱਤਾ ਹੈ।

ਰੇਲਵੇ ਟ੍ਰੈਕ ਬੰਦ ਹੁੰਦੇ ਹੀ ਸ਼ਤਾਬਦੀ ਐਕਸਪ੍ਰੈਸ ਨੂੰ ਕਪੂਰਥਲਾ ਦੇ ਫਗਵਾੜਾ ਵਿਖੇ ਰੋਕ ਦਿੱਤਾ ਗਿਆ। ਇਹ ਪ੍ਰਦਰਸ਼ਨ ਜਲੰਧਰ ਕੈਂਟ ਸਟੇਸ਼ਨ ਨੇੜੇ ਹੋ ਰਿਹਾ ਹੈ। ਇਸ ਲਈ ਆਮਰਪਾਲੀ ਐਕਸਪ੍ਰੈੱਸ ਨੂੰ ਜਲੰਧਰ ਸਿਟੀ ਸਟੇਸ਼ਨ 'ਤੇ ਰੋਕ ਦਿੱਤਾ ਗਿਆ, ਜਿਸ ਤੋਂ ਬਾਅਦ ਇਸ ਨੂੰ ਲੋਹੀਆ ਖਾਸ ਰੂਟ ਤੋਂ ਮੋੜ ਦਿੱਤਾ ਗਿਆ। ਰੇਲਵੇ ਮੁਤਾਬਕ ਇਸ ਟ੍ਰੈਕ 'ਤੇ ਹਰ 24 ਘੰਟਿਆਂ 'ਚ 120 ਟਰੇਨਾਂ ਦੀ ਆਵਾਜਾਈ ਪ੍ਰਭਾਵਿਤ ਹੋਵੇਗੀ। ਇਸ ਕਾਰਨ ਹਜ਼ਾਰਾਂ ਯਾਤਰੀਆਂ ਨੂੰ ਵੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਵੇਗਾ। ਜਲੰਧਰ ਜਲੰਧਰ ਕੈਂਟ ਰੇਲਵੇ ਸਟੇਸ਼ਨ ਤੋਂ ਟਰੇਨ ਫੜਨ ਵਾਲੇ ਯਾਤਰੀਆਂ ਨੂੰ ਫਗਵਾੜਾ ਅਤੇ ਲੁਧਿਆਣਾ ਤੋਂ ਟਰੇਨ ਫੜ੍ਹਨੀ ਪੈਂਦੀ ਹੈ। ਇਸ ਦੇ ਨਾਲ ਹੀ ਅੰਮ੍ਰਿਤਸਰ ਤੋਂ ਯਾਤਰੀਆਂ ਨੂੰ ਫਗਵਾੜਾ ਅਤੇ ਲੁਧਿਆਣਾ ਵੀ ਟਰੇਨ ਫੜ੍ਹਨ ਲਈ ਜਾਣਾ ਪਵੇਗਾ।

ਵੀਰਵਾਰ ਸਵੇਰੇ ਕਿਸਾਨਾਂ ਨੇ ਰੇਲਵੇ ਟ੍ਰੈਕ ਜਾਮ ਕੀਤੇ, ਉਦੋਂ ਤੱਕ 40 ਟਰੇਨਾਂ ਰਵਾਨਾ ਹੋ ਚੁੱਕੀਆਂ ਸਨ, ਹੁਣ 80 ਟਰੇਨਾਂ ਨੂੰ ਡਾਇਵਰਟ ਕੀਤਾ ਜਾ ਰਿਹਾ ਹੈ। ਜਲੰਧਰ ਸਿਟੀ ਸਟੇਸ਼ਨ ਤੋਂ ਟਰੇਨਾਂ ਦਾ ਡਾਇਵਰਸ਼ਨ ਲਗਾਇਆ ਗਿਆ ਹੈ। ਇਸ ਦੌਰਾਨ ਲੁਧਿਆਣਾ, ਅੰਬਾਲਾ, ਪਾਣੀਪਤ, ਦਿੱਲੀ ਤੋਂ ਹੁੰਦੇ ਹੋਏ ਦੂਜੇ ਰਾਜਾਂ ਨੂੰ ਜਾਣ ਵਾਲੀਆਂ ਰੇਲ ਗੱਡੀਆਂ ਨਕੋਦਰ, ਲੋਹੀਆਂ ਸੇਖ ਤੋਂ ਵਾਇਆ ਫਗਵਾੜਾ ਲਈ ਰਵਾਨਾ ਹੋਣਗੀਆਂ।

# ਪੰਜਾਬ ਦੇ ਗੁਰਦੁਆਰੇ ਵਿਚ ਪੁਲਿਸ ਤੇ ਨਿਹੰਗਾਂ ਵਿਚਾਲੇ ਗੋਲੀਬਾਰੀ, : ਗੋਲੀ ਲੱਗਣ ਕਾਰਨ ਇੱਕ ਪੁਲਿਸ ਮੁਲਾਜ਼ਮ ਦੀ ਮੌਤ



ਚੰਡੀਗੜ੍ਹ, 23 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਵਿਚ ਸਥਿਤ ਗੁਰ-ਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ 'ਤੇ ਕਬਜ਼ੇ ਨੂੰ ਲੈ ਕੇ ਵੀਰਵਾਰ ਸਵੇਰੇ ਪੁਲਿਸ ਅਤੇ ਨਿਹੰਗਾਂ ਵਿਚਾਲੇ ਗੋਲੀਬਾਰੀ ਹੋਈ। ਜਿਸ ਵਿਚ ਗੋਲੀ ਲੱਗਣ ਨਾਲ ਇਕ ਪੁਲਿਸ ਮੁਲਾਜ਼ਮ ਦੀ ਮੌਤ ਹੋ ਗਈ, ਜਦਕਿ ਡੀਐੱਸਪੀ ਸਮੇਤ 10 ਪੁਲਸ ਮੁਲਾਜ਼ਮ ਜ਼ਖਮੀ ਹੋ ਗਏ। ਇਸ ਘਟਨਾ ਤੋਂ ਬਾਅਦ ਕਪੂਰਥਲਾ 'ਚ ਮਾਹੌਲ ਤਣਾਅਪੂਰਨ ਹੈ।

ਬਾਬਾ ਮਾਨ ਸਿੰਘ ਨਾਲ ਏਡੀਜੀਪੀ ਲਾਅ ਐਂਡ ਆਰਡਰ ਗੁਰਵਿੰਦਰ ਸਿੰਘ ਸਮੇਤ ਅਧਿਕਾਰੀਆਂ ਦੀ ਮੀਟਿੰਗ 3 ਘੰਟੇ ਚੱਲੀ। ਹੁਣ ਪ੍ਰਸ਼ਾਸਨ ਵੱਲੋਂ ਇੱਥੇ ਇੱਕ ਰਿਸੀਵਰ ਦੀ ਨਿਯੁਕਤੀ ਕੀਤੀ ਗਈ ਹੈ। ਇਸ ਨਾਲ ਗੁਰਦੁਆਰੇ ਨੂੰ ਖਾਲ੍ਹੀ ਕਰਵਾ ਲਿਆ ਗਿਆ ਹੈ। ਪੁਲਿਸ ਨੇ ਗੁਰਦੁਆਰੇ ਤੋਂ ਦੋ ਹਥਿਆਰ ਵੀ ਬਰਾਮਦ ਕੀਤੇ ਹਨ।

ਇਸ ਗੁਰਦੁਆਰੇ ਦੇ ਕਬਜ਼ੇ ਨੂੰ ਲੈ ਕੇ ਦੋ ਧੜਿਆਂ ਵਿੱਚ ਵਿਵਾਦ ਚੱਲ ਰਿਹਾ ਹੈ। ਬੀਤੀ ਰਾਤ ਪੁਲਿਸ ਨੇ 10 ਨਿਹੰਗਾਂ ਨੂੰ ਕਾਬੂ ਕਰ ਲਿਆ ਸੀ। ਪੁਲਿਸ ਨੂੰ ਸੂਚਨਾ ਸੀ ਕਿ ਇਸ ਮਾਮਲੇ ਦੀ ਐਫਆਈਆਰ ਵਿੱਚ ਸ਼ਾਮਿਲ ਕੁਝ ਨਿਹੰਗ ਇਸ ਗੁਰਦੁਆਰੇ ਵਿੱਚ ਲੁਕੇ ਹੋਏ ਹਨ। ਪੁਲਸ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਲਈ ਗੁਰਦੁਆਰਾ ਸਾਹਿਬ ਪਹੁੰਚੀ। ਇਸ ਦੌਰਾਨ ਨਿਹੰਗਾਂ ਨੇ ਪੁਲਿਸ 'ਤੇ ਗੋਲੀਆਂ ਚਲਾ ਦਿੱਤੀਆਂ। ਮਾਹੌਲ ਖ਼ਰਾਬ ਹੋਣ ’ਤੇ ਪੁਲਿਸ ਨੇ ਸਥਿਤੀ ’ਤੇ ਕਾਬੂ ਪਾਉਣ ਲਈ ਅੱਥਰੂ ਗੈਸ ਦੇ ਗੋਲੇ ਵੀ ਛੱਡੇ।

ਐਸਐਚਓ ਲਖਵਿੰਦਰ ਸਿੰਘ ਅਨੁਸਾਰ ਗੋਲੀਬਾਰੀ ਵਿੱਚ ਪੁਲੀਸ ਮੁਲਾਜ਼ਮ ਜਸਪਾਲ ਸਿੰਘ ਵਾਸੀ ਪਿੰਡ ਮਨਿਆਲਾ ਦੀ ਮੌਤ ਹੋ ਗਈ। ਜ਼ਖ਼ਮੀ ਮੁਲਾਜ਼ਮਾਂ ਨੂੰ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਦਾਖਲ ਕਰਵਾਇਆ ਗਿਆ ਹੈ। ਕਪੂਰਥਲਾ ਦੇ ਡੀਸੀ ਕੈਪਟਨ ਕਰਨੈਲ ਸਿੰਘ, ਆਈਜੀ ਜਲੰਧਰ ਰੇਂਜ ਐਸ ਭੂਪਤੀ, ਐਸਐਸਪੀ ਵਤਸਲਾ ਗੁਪਤਾ ਅਤੇ ਹੋਰ ਉੱਚ ਅਧਿਕਾਰੀ ਸੁਲਤਾਨਪੁਰ ਲੋਧੀ ਪਹੁੰਚੇ।

# ਮੁੱਖ ਮੰਤਰੀ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਹੋਮਗਾਰਡ ਦੇ ਜਵਾਨ ਜਸਪਾਲ ਸਿੰਘ ਦੀ ਮੌਤ ’ਤੇ ਦੁੱਖ ਦਾ ਪ੍ਰਗਟਾਵਾ

## * ਪੀੜਤ ਪਰਿਵਾਰ ਨੂੰ ਇਕ ਕਰੋੜ ਰੁਪਏ ਐਕਸ-ਗ੍ਰੇਸ਼ੀਆ ਅਤੇ ਇਕ ਕਰੋੜ ਰੁਪਏ ਬੀਮਾ ਰਾਸ਼ੀ ਵਜੋਂ ਦੇਣ ਦਾ ਐਲਾਨ



ਚੰਡੀਗੜ੍ਹ, 23 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੋਮਗਾਰਡ ਦੇ ਜਵਾਨ ਜਸਪਾਲ ਸਿੰਘ ਦੀ ਮੌਤ ਉਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਜਿਨ੍ਹਾਂ ਦੀ ਡਿਊਟੀ ਨਿਭਾਉਂਦੇ ਸਮੇਂ ਜਾਨ ਚਲੀ ਗਈ। ਮੁੱਖ ਮੰਤਰੀ ਨੇ ਜਸਪਾਲ ਸਿੰਘ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਵਜੋਂ ਦੋ ਕਰੋੜ ਰੁਪਏ ਦੇਣ ਦਾ ਐਲਾਨ ਕੀਤਾ ਹੈ।

ਇਕ ਸ਼ੋਕ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਜਸਪਾਲ ਸਿੰਘ ਦੀ ਸੁਲਤਾਨਪੁਰ ਲੋਧੀ ਵਿਖੇ ਆਪਣੀ ਡਿਊਟੀ ਨਿਭਾਉਂਦੇ ਸਮੇਂ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਦੋ ਕਰੋੜ ਦੀ ਰਾਸ਼ੀ ਵਿੱਚੋਂ ਸੂਬਾ ਸਰਕਾਰ ਵੱਲੋਂ ਇਕ ਕਰੋੜ ਰਪਏ ਐਕਸ-ਗ੍ਰੇਸ਼ੀਆ ਵਜੋਂ ਜਦਕਿ ਇਕ ਕਰੋੜ ਰੁਪਏ ਐਚ.ਡੀ.ਐਫ.ਸੀ. ਵੱਲੋਂ ਬੀਮਾ ਰਾਸ਼ੀ ਵਜੋਂ ਦਿੱਤੇ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਉਪਰਾਲਾ ਸੂਬੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਕਾਇਮ ਰੱਖਣ ਲਈ ਇਸ ਸਪੂਤ ਦੇ ਮਹਾਨ ਯੋਗਦਾਨ ਦੇ ਸਤਿਕਾਰ ਵਿੱਚ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਹਥਿਆਰਬੰਦ ਸੈਨਾਵਾਂ, ਨੀਮ ਫੌਜੀ ਬਲਾਂ ਅਤੇ ਪੁਲਿਸ ਦੀ ਭਲਾਈ ਲਈ ਵਚਨਬੱਧ ਹੈ ਜਿਸ ਦੇ ਤਹਿਤ ਜਸਪਾਲ ਸਿੰਘ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਇਸ ਨਿਮਾਣੇ ਜਿਹੇ ਉਪਰਾਲੇ ਨਾਲ ਜਿੱਥੇ ਪੀੜਤ ਪਰਿਵਾਰ ਨੂੰ ਮਦਦ ਮਿਲੇਗੀ, ਉਥੇ ਹੀ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਇਆ ਜਾ ਸਕੇਗਾ।


Office: 416-654-1010


Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com




98 JOHN ST E
Bradford West Gwillimbury, Ontario L3Z1G4

$1,149,000

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.


103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING

Capital DRUG TESTING

Drug and Alcohol Test

DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com








# ਸੁਪਰੀਮ ਕੋਰਟ ਦੀ ਪਹਿਲੀ ਮਹਿਲਾ ਜੱਜ ਫਾਤਿਮਾ ਬੀਵੀ ਨਹੀਂ ਰਹੇ



ਨਵੀਂ ਦਿੱਲੀ, 23 ਨਵੰਬਰ (ਪੋਸਟ ਬਿਊਰੋ): ਦੇਸ਼ ਦੀ ਪਹਿਲੀ ਮਹਿਲਾ ਸੁਪਰੀਮ ਕੋਰਟ ਜੱਜ ਜਸਟਿਸ ਫਾਤਿਮਾ ਬੀਵੀ ਦਾ 96 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ ਹੈ। ਉਨ੍ਹਾਂ ਨੇ 23 ਨਵੰਬਰ ਦੀ ਸਵੇਰ ਨੂੰ ਕੋਲਮ ਜ਼ਿਲ੍ਹੇ ਦੇ ਇੱਕ ਨਿੱਜੀ ਹਸਪਤਾਲ ਵਿੱਚ ਆਖਰੀ ਸਾਹ ਲਿਆ।

ਉਨ੍ਹਾਂ ਦਾ ਜਨਮ 30 ਅਪ੍ਰੈਲ 1927 ਨੂੰ ਕੇਰਲ 'ਚ ਹੋਇਆ ਸੀ। ਆਪਣੇ ਪਿਤਾ ਦੇ ਕਹਿਣ 'ਤੇ ਉਸਨੇ ਕਾਨੂੰਨ ਦੀ ਪੜ੍ਹਾਈ ਕੀਤੀ। 1989 ਵਿੱਚ, ਉਹ ਸੁਪਰੀਮ ਕੋਰਟ ਦੀ ਜੱਜ ਬਣ ਗਈ ਅਤੇ 29 ਅਪ੍ਰੈਲ 1992 ਤੱਕ ਇਸ ਅਹੁਦੇ 'ਤੇ ਰਹੀ। ਸੇਵਾਮੁਕਤੀ ਤੋਂ ਬਾਅਦ, ਉਹ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੀ ਮੈਂਬਰ ਰਹੀ।

ਬਾਅਦ ਵਿੱਚ ਉਨ੍ਹਾਂ ਨੂੰ ਤਾਮਿਲਨਾਡੂ ਦੇ ਰਾਜਪਾਲ ਦਾ ਅਹੁਦਾ ਵੀ ਮਿਲਿਆ। ਉਨ੍ਹਾਂ ਨੇ ਰਾਜੀਵ ਗਾਂਧੀ ਹੱਤਿਆ ਕਾਂਡ ਦੇ ਚਾਰ ਦੋਸ਼ੀਆਂ ਦੀ ਰਹਿਮ ਦੀ ਅਪੀਲ ਖਾਰਜ ਕਰਨ ਤੋਂ ਬਾਅਦ ਰਾਜਪਾਲ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ।

ਜਸਟਿਸ ਫਾਤਿਮਾ ਬੀਵੀ ਦਾ ਜਨਮ 30 ਅਪ੍ਰੈਲ 1927 ਨੂੰ ਪਠਾਨਮਥਿੱਟਾ, ਕੇਰਲ ਵਿੱਚ ਹੋਇਆ ਸੀ। ਉਨ੍ਹਾਂ ਨੇ ਮਹਿਲਾ ਕਾਲਜ, ਤਿਰੂਵਨੰਤਪੁਰਮ ਤੋਂ ਕੈਮਿਸਟਰੀ ਵਿੱਚ ਗ੍ਰੈਜੂਏਸ਼ਨ ਕੀਤੀ। ਫਾਤਿਮਾ ਦੇ ਪਿਤਾ ਨੇ ਉਨ੍ਹਾਂ ਨੂੰ ਵਕੀਲ ਵਜੋਂ ਪੜ੍ਹਾਈ ਕਰਨ ਲਈ ਕਿਹਾ। ਇਸ ਕਾਰਨ ਉਸ ਨੇ ਲਾਅ ਕਾਲਜ, ਤਿਰੂਵਨੰਤਪੁਰਮ ਤੋਂ ਐਲਐਲਬੀ ਦੀ ਡਿਗਰੀ ਹਾਸਿਲ ਕੀਤੀ।

ਇੱਥੋਂ ਚਲੇ ਜਾਣ ਤੋਂ ਬਾਅਦ ਉਹ 1950 ਵਿੱਚ ਬਾਰ ਕੌਂਸਲ ਦੇ ਪੇਪਰ ਲਈ ਹਾਜ਼ਰ ਹੋਏ। ਫਾਤਿਮਾ ਬਾਰ ਕੌਂਸਲ ਦੀ ਪ੍ਰੀਖਿਆ ਵਿੱਚ ਟਾਪ ਕੀਤੀ ਅਤੇ ਬਾਰ ਕੌਂਸਲ ਗੋਲਡ ਮੈਡਲ ਪ੍ਰਾਪਤ ਕਰਨ ਵਾਲੀ ਪਹਿਲੀ ਮਹਿਲਾ ਬਣੀ। ਉਨ੍ਹਾਂ ਨੇ ਕੋਲਮ ਦੀ ਜ਼ਿਲ੍ਹਾ ਅਦਾਲਤ ਤੋਂ ਆਪਣੇ ਕਾਨੂੰਨ ਦੇ ਕੈਰੀਅਰ ਦੀ ਸ਼ੁਰੂਆਤ ਕੀਤੀ। 8 ਸਾਲਾਂ ਬਾਅਦ, ਉਹ ਇੱਕ ਮੈਜਿਸਟਰੇਟ ਵਜੋਂ ਜੁਡੀਸ਼ੀਅਲ ਸਰਵਿਸ ਵਿੱਚ ਸ਼ਾਮਿਲ ਹੋ ਗਏ। 1974 ਵਿੱਚ ਫਾਤਿਮਾ ਬੀਵੀ ਜ਼ਿਲ੍ਹਾ ਸੈਸ਼ਨ ਜੱਜ ਬਣੇ ਸਨ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਨਾਈ ਸਿੱਖ ਲੜਕਾ, 1988, ਕੱਦ 5 ਫੁਟ, 6 ਇੰਚ, ਕੈਨੇਡਾ ਪੀ.ਆਰ., ਆਪਣਾ ਕੰਮ, ਵੈਸਨੂੰ ਪਰਿਵਾਰ, ਸੁੰਦਰ ਅਤੇ ਕੈਨੇਡਾ ਪੀ.ਆਰ. ਲੜਕੀ ਦੀ ਲੋੜ। ਸੰਪਰਕ: 9041527924

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਦਫਤਰੀ ਕਾਮੇ ਵੱਲੋਂ ਅੱਜ 16ਵੇਂ ਦਿਨ ਵੀ ਲਗਾਤਾਰ ਕਲਮ ਛੋੜ ਹੜਤਾਲ ਰਹੀ ਜਾਰੀ

ਫਿਰੋਜ਼ਪੁਰ 23 ਨਵੰਬਰ (ਗਿਆਨ ਸਿੰਘ): ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਵੱਲੋ ਸੂਬਾ ਸਰਕਾਰ ਦੇ ਅੜੀਅਲ ਰਵੱਈਏ ਵਿਰੁੱਧ ਅਤੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਹੱਕ ਵਿਚ ਕੀਤੀ ਜਾ ਰਹੀ ਕਲਮ ਛੋੜ ਹੜਤਾਲ ਅੱਜ ਸੌਲਵੇਂ ਦਿਨ ਵੀ ਲਗਾਤਾਰ ਜਾਰੀ ਰੱਖੀ ਗਈ। ਜ਼ਿਲ੍ਹਾ ਫਿਰੋਜ਼ਪੁਰ ਵਿਚ ਸਮੁੱਚਾ ਸਰਕਾਰੀ ਕੰਮ ਕਾਜ ਠੱਪ ਰਿਹਾ। ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੇ ਆਪਣਾ ਕੰਮ ਕਾਜ ਮੁਕੰਮਲ ਠੱਪ ਕਰਕੇ ਡੀ.ਸੀ ਦਫ਼ਤਰ ਵਿਖੇ ਵਿਸ਼ਾਲ ਰੈਲੀ ਕਰਕੇ ਸੂਬਾ ਸਰਕਾਰ ਖਿਲਾਫ ਜ਼ਬਰਦਸਤ ਨਾਹਰੇਬਾਜ਼ੀ ਕੀਤੀ। ਅੱਜ ਇਥੇ ਜ਼ਿਲ੍ਹਾ ਫਿਰੋਜ਼ਪੁਰ ਦੇ ਸੈਕੜੇ ਦਫਤਰੀ ਮੁਲਾਜ਼ਮਾਂ ਨੇ ਵੱਖ-ਵੱਖ ਦਫਤਰਾਂ ਅੱਗੇ ਵੀ ਰੋਸ ਮੁਜ਼ਾਹਰੇ ਕੀਤੇ ਗਏ ਅਤੇ ਪੰਜਾਬ ਸਰਕਾਰ ਨੂੰ ਲਾਂਹਨਤਾਂ ਪਾਈਆ ਗਈਆ। ਇਸ ਰੋਸ ਮੁਜ਼ਾਹਰੇ ਨੂੰ ਮਨੋਹਰ ਲਾਲ ਜ਼ਿਲ੍ਹਾ ਪ੍ਰਧਾਨ ਪੀ.ਐਸ.ਐਮ.ਐਸ.ਯੂ., ਸੂਬਾ ਜਨਰਲ ਸਕੱਤਰ ਪਿੱਪਲ ਸਿੰਘ ਸਿੱਧੂ, ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ, ਗੋਬਿੰਦ ਮੁਟਨੇਜਾ, ਹਰਮੀਤ ਮੱਲੀ ਫੂਡ ਸਪਲਾਈ ਵਿਭਾਗ, ਜਗਸੀਰ ਸਿੰਘ ਭਾਂਗਰ ਸੀਨੀਅਰ ਮੀਤ ਪ੍ਰਧਾਨ, ਸੋਨੂੰ ਕਸ਼ਅਪ ਵਾਈਸ ਜਨਰਲ ਸਕੱਤਰ, ਵਰੁਣ ਕੁਮਾਰ, ਅਮਰ ਨਾਥ ਸਿੱਖਿਆ ਵਿਭਾਗ, ਜੁਗਲ ਆਨੰਦ, ਮੁਕੇਸ਼ ਕੁਮਾਰ ਲੋਕ ਨਿਰਮਾਣ ਵਿਭਾਗ, ਗੌਰਵ ਸ਼ਰਮਾ, ਜਗਮੀਤ ਸਿੰਘ ਸਟੈਨੋ, ਸੁਰਿੰਦਰ ਸ਼ਰਮਾ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਮੁੱਖਾ ਕੁਮਾਰ ਅਤੇ ਵਿਕਾਸ ਕਾਲੜਾ ਹੈਲਥ ਵਿਭਾਗ, ਅਮਨਦੀਪ ਸਿੰਘ, ਰਣਜੀਤ ਸਿੰਘ ਖਜ਼ਾਨਾ ਵਿਭਾਗ, ਖੁਸ਼ਵਿੰਦਰ ਸਿੰਘ ਜਨਰਲ ਸਕੱਤਰ ਸਹਿਕਾਰਤਾ ਵਿਭਾਗ, ਹਰਜਿੰਦਰ ਪਾਲ ਅੰਕੜਾ ਵਿਭਾਗ, ਗੁਰਵਿੰਦਰ ਸਿੰਘ ਤਹਿਸੀਲ ਦਫਤਰ, ਸੁਖਚੈਨ ਸਿੰਘ ਸਟੈਨੋ, ਰਾਜ ਕੁਮਾਰ ਰੋਜ਼ਗਾਰ ਵਿਭਾਗ, ਰੋਹਿਤ ਕੁਮਾਰ, ਦਲਜੀਤ ਸਿੰਘ ਲੇਬਰ ਦਫਤਰ, ਸੰਦੀਪ ਕਟੌਚ, ਮਨੋਜ ਖੱਟਰ, ਮਹਿਤਾਬ ਸਿੰਘ ਡੀ.ਸੀ. ਦਫਤਰ, ਪ੍ਰੇਮ ਕੁਮਾਰੀ, ਸ਼ੀਨਮ, ਨਰਿੰਦਰ ਕੌਰ ਡੀ.ਸੀ. ਦਫਤਰ, ਸਮੀਰ ਮਾਨਕਟਾਲਾ ਅਤੇ ਵੀਰਪਾਲ ਕੌਰ ਆਯੁਰਵੈਦਿਕ ਵਿਭਾਗ, ਕੁਲਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਭੂਮੀ ਰੱਖਿਆ ਤੋ ਇਲਾਵਾ ਵੱਖ ਵੱਖ ਦਫਤਰਾਂ ਦੇ ਮੁਲਾਜ਼ਮਾਂ ਸੰਬੋਧਨ ਕੀਤਾ।



ਪੀ.ਐਸ.ਐਮ.ਐਸ.ਯੂ ਵੱਲੋਂ 24 ਨਵੰਬਰ ਨੂੰ ਕੀਤਾ ਜਾਵੇਗਾ ਪੈਦਲ ਰੋਸ਼ ਮਾਰਚ

ਇਸ ਮੌਕੇ ਸੂਬਾ ਜਨਰਲ ਸਕੱਤਰ ਪਿੱਪਲ ਸਿੰਘ ਸਿੱਧੂ ਨੇ ਕਿਹਾ ਪੰਜਾਬ ਸਰਕਾਰ ਵੱਲੋ ਸੂਬੇ ਦੇ ਮੁਲਾਜ਼ਮਾਂ ਦੇ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਨਹੀ ਕੀਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਐਲਾਨ ਕਰਨ ਦੇ ਬਾਵਜੂਦ ਅਜੇ ਤੱਕ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀ ਕੀਤੀ ਗਈ ਜਿਸ ਕਾਰਨ ਮੁਲਾਜ਼ਮਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮੰਗਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸ੍ਰ ਸਿੱਧੂ ਨੇ ਦੱਸਿਆ ਕਿ 01-01-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕਰਨ ਸਬੰਧੀ ਨੋਟੀਫਿਕੇਸ਼ਨ ਪੂਰਨ ਰੂਪ ਵਿੱਚ ਤੁਰੰਤ ਜਾਰੀ ਕਰਨ, ਹਰੇਕ ਵਿਭਾਗ ਵਿੱਚ ਮਨਿਸਟੀਰੀਅਲ ਮੁਲਾਜ਼ਮਾਂ ਦੀਆਂ ਤਰੱਕੀ ਰਾਹੀਂ ਭਰੀਆਂ ਜਾਣ ਵਾਲੀਆਂ ਅਸਾਮੀਆਂ ਤੁਰੰਤ ਤਰੱਕੀ ਰਾਹੀਂ ਭਰੀਆਂ ਜਾਣ ਅਤੇ ਛੇਵੇਂ ਤਨਖਾਹ ਕਮਿਸ਼ਨ ਦੀ ਜਾਰੀ ਰਿਪੋਰਟ ਵਿੱਚ ਸੋਧ ਕਰਦੇ ਹੋਏ 31-12-205 ਨੂੰ ਮਿਲੀ ਆਖਰੀ ਬੇਸਿਕ ਤਨਖਾਹ ਉਪਰ 125 ਪ੍ਰਤੀਸ੍ਹਤ ਡੀਏ ਦਾ ਰਲੇਵਾਂ ਕਰਕੇ ਉਸ ਉੱਪਰ 20 ਪ੍ਰਤੀਸ਼ਤ ਲਾਭ ਦੇਣ ਦੀ ਮੰਗ ਰੱਖੀ ਗਈ। ਇਸੇ ਪ੍ਰਕਾਰ ਮਿਤੀ 01-07-2022 ਤੋਂ ਸੈਂਟਰ ਦੀ ਤਰਜ ਤੇ 34 ਪ੍ਰਤੀਸ਼ਤ ਤੋਂ 38 ਪ੍ਰਤੀਸ਼ਤ 01-01-2023 ਤੋਂ 38 ਪ੍ਰਤੀਸ਼ਤ ਤੋਂ 42 ਪ੍ਰਤੀਸ਼ਤ ਤੱਕ ਪੈਂਡਿੰਗ ਡੀ ਏ ਦੀਆਂ ਕਿਸ਼ਤਾਂ ਸੈਂਟਰ ਪੱਧਰ ਤੇ ਤੁਰੰਤ ਜਾਰੀ ਕਰਨ, 6ਵੇਂ ਤਨਖਾਹ ਕਮਿਸ਼ਨ ਦਾ ਲਾਭ 2.72 ਪ੍ਰਤੀਸ਼ਤ ਨਾਲ ਦੇਣ, 01-01-2016 ਤੋਂ 31-10-2016 ਤੱਕ 125 ਪ੍ਰਤੀਸ਼ਤ ਦੇ ਡੀਏ ਦੇ ਪੈਂਡਿੰਗ ਬਕਾਏ ਦੇਣ ਲਈ ਤੁਰੰਤ ਨੋਟੀਫਿਕੇਸ਼ਨ ਜਾਰੀ ਕਰਨ, ਮਿਤੀ 15-01-2015 ਦਾ ਨੋਟੀਫਿਕੇਸ਼ਨ ਤੁਰੰਤ ਰੱਦ ਕੀਤਾ ਜਾਵੇ, 17-07-2020 ਤੋਂ ਬਾਅਦ ਭਰਤੀ ਕਰਮਚਾਰੀਆਂ ਤੋਂ ਸੈਂਟਰ ਦਾ 7ਵਾਂ ਤਨਖਾਹ ਕਮਿਸ਼ਨ ਹਟਾ ਕੇ ਪੰਜਾਬ ਦਾ 6ਵੇਂ ਤਨਖਾਹ ਕਮਿਸ਼ਨ ਲਾਗੂ ਕਰਕੇ ਪਰੋਬੇਸ਼ਨ ਪੀਰੀਅਡ ਦੌਰਾਨ ਪੂਰੀ ਤਨਖਾਹ ਬਕਾਏ ਸਮੇਤ ਦੇਣ, 4, 9, 14 ਸਾਲਾ ਏਸੀਪੀ ਦੀ ਰੋਕੀ ਸਕੀਮ ਤੁਰੰਤ ਬਹਾਲ ਕਰਨ, ਬਾਰਡਰ ਏਰੀਆ ਅਲਾਉਂਸ, ਰੂਰਲ ਏਰੀਆ ਅਲਾਉਂਸ, ਐਫ ਟੀ ਏ ਅਲਾਉਂਸ ਸਮੇਤ ਸਮੂਹ ਭੱਤੇ ਜੋ ਕਿ ਪੰਜਵੇਂ ਤਨਖਾਹ ਕਮਿਸ਼ਨ ਵਿੱਚ ਮਿਲਦੇ ਸਨ ਸਾਰੇ ਛੇਵੇ ਤਨਖਾਹ ਕਮਿਸ਼ਨ ਵਿੱਚ ਬਹਾਲ ਕੀਤੇ ਜਾਣ।

ਇਸ ਮੌਕੇ ਉਨ੍ਹਾਂ ਕਿਹਾ ਕਿ ਮਿਤੀ 24 ਨਵੰਬਰ 2023 ਨੂੰ ਪੈਦਲ ਰੋਸ਼ ਮਾਰਚ ਕੀਤਾ ਜਾਵੇਗਾ, ਜੋਕਿ ਡੀਸੀ ਦਫ਼ਤਰ ਤੋਂ ਸ਼ੁਰੂ ਹੋ ਕੇ ਰਾਕੇਸ਼ ਪਾਇਲੈਟ ਚੌਕ ਤੱਕ ਜਾਵੇਗਾ ਅਤੇ ਚੌਕ ਵਿਚ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਦਾ ਪੁਤਲਾ ਫੂਕਕੇ ਅਰਥੀ ਫੂਕ ਮੁਜ਼ਹਰਾ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਰੋਸ਼ ਮਾਰਚ ਵਿਚ ਪੰਜਾਬ ਪੈਨਸ਼ਨਰ ਯੂਨੀਅਨ, ਦੀ ਕਲਾਸ ਫੋਰਥ ਗੋਰਮਿੰਟ ਇੰਪਲਾਈਜ਼ ਯੂਨੀਅਨ, ਬਿਜਲੀ ਬੋਰਡ ਯੂਨੀਅਨ ਸਮੇਤ ਵੱਖ-ਵੱਖ ਯੂਨੀਅਨਾਂ ਵੱਲੋਂ ਰੈਲੀ ਵਿਚ ਸ਼ਾਮਲ ਹੋ ਕੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾਵੇਗੀ।

## ਸ਼ਾਹਰੁਖ ਖਾਨ ਅਤੇ ਲਿਓਨਲ ਮੈਸੀ ਨੂੰ ਨੋਟਿਸ: ਮੁਜ਼ੱਫਰਪੁਰ ਕੰਜ਼ਿਊਮਰ ਫੋਰਮ ਨੇ 12 ਜਨਵਰੀ ਨੂੰ ਪੇਸ਼ ਹੋਣ ਦਾ ਦਿੱਤਾ ਹੁਕਮ



ਮੁਜ਼ੱਫਰਪੁਰ, 23 ਨਵੰਬਰ (ਪੋਸਟ ਬਿਊਰੋ): ਮੁਜ਼ੱਫਰਪੁਰ ਜ਼ਿਲ੍ਹਾ ਖਪਤਕਾਰ ਕਮਿਸ਼ਨ ਨੇ ਬਾਲੀਵੁੱਡ ਅਭਿਨੇਤਾ ਸ਼ਾਹਰੁਖ ਖਾਨ ਅਤੇ ਫੁੱਟਬਾਲਰ ਲਿਓਨਲ ਮੈਸੀ ਨੂੰ ਨੋਟਿਸ ਜਾਰੀ ਕੀਤਾ ਹੈ। ਇਸ ਸਬੰਧੀ ਕਮਿਸ਼ਨ ਵਿੱਚ ਅਗਲੀ ਸੁਣਵਾਈ 12 ਜਨਵਰੀ 2024 ਨੂੰ ਹੋਵੇਗੀ।

ਜ਼ਿਲ੍ਹਾ ਖਪਤਕਾਰ ਕਮਿਸ਼ਨ ਨੇ ਇਹ ਨੋਟਿਸ ਇੱਕ ਪਿਤਾ ਦੀ ਸ਼ਿਕਾਇਤ 'ਤੇ ਜਾਰੀ ਕੀਤਾ ਹੈ। ਪਿਤਾ ਦਾ ਦੋਸ਼ ਹੈ ਕਿ ਆਕਾਸ਼ ਬਾਇਜੂਜ਼ ਨੇ ਫੀਸਾਂ ਦੇ ਨਾਮ 'ਤੇ ਦੋ ਕਰਜ਼ੇ ਲੈ ਕੇ ਧੋਖਾਧੜੀ ਕੀਤੀ ਹੈ।

ਫਿਲਮ ਅਭਿਨੇਤਾ ਸ਼ਾਹਰੁਖ ਖਾਨ ਅਤੇ ਫੁੱਟਬਾਲਰ ਲਿਓਨਲ ਮੇਸੀ ਆਕ-ਾਸ਼ ਬਾਇਜੂਜ ਦੇ ਬ੍ਰਾਂਡ ਅੰਬੈਸਡਰ ਹਨ, ਇਸ ਲਈ ਉਨ੍ਹਾਂ ਨੂੰ ਵੀ ਵਿਰੋਧੀ ਧਿਰ ਬਣਾਇਆ ਗਿਆ ਹੈ। ਜੇਕਰ ਇਹ ਲੋਕ ਜਾਂ ਉਨ੍ਹਾਂ ਦੇ ਨੁਮਾਇੰਦੇ ਕਮਿਸ਼ਨ ਵੱਲੋਂ ਤੈਅ ਕੀਤੀ ਤਾਰੀਖ 'ਤੇ ਹਾਜ਼ਿਰ ਨਹੀਂ ਹੁੰਦੇ ਤਾਂ ਕਮਿਸ਼ਨ ਇਨ੍ਹਾਂ ਵਿਰੁੱਧ ਅਗਲੀ ਕਾਰਵਾਈ ਕਰੇਗਾ।

ਅਸਲ 'ਚ ਮੁਜ਼ੱਫਰਪੁਰ ਦੇ ਚੰਦਵਾੜਾ ਮੁਹੱਲੇ ਦੇ ਰਹਿਣ ਵਾਲੇ ਮੁਹੰਮਦ ਸ਼ਮਸ਼ਾਦ ਅਹਿਮਦ ਨੇ ਆਪਣੇ ਬੇਟਿਆਂ ਨੂੰ ਆਕਾਸ਼ ਬਾਇਜੂਜ਼ ਦੀ ਮੁਜ਼ੱਫਰਪੁਰ ਬ੍ਰਾਂਚ ਵਿਚ ਭਰਤੀ ਕਰਵਾਇਆ ਸੀ।

ਦਾਖਲਾ ਫੀਸ ਦੇ ਨਾਲ-ਨਾਲ ਉਨ੍ਹਾਂ ਦੇ ਬੱਚਿਆਂ ਜਿੰਨੇ ਦਿਨ ਪੜ੍ਹੇ, ਉਨ੍ਹਾਂ ਦੀ ਫੀਸ ਵੀ ਅਦਾ ਕੀਤੀ। ਆਕਾਸ਼ ਬਾਇਜੂਜ਼ ਦੀ ਪੜ੍ਹਾਈ ਤੋਂ ਅਸੰਤੁਸ਼ਟ, ਉਸਦੇ ਦੋਵੇਂ ਪੁੱਤਰਾਂ ਨੇ ਸੰਸਥਾ ਛੱਡਣ ਦਾ ਫੈਸਲਾ ਕੀਤਾ। ਸ਼ਿਕਾਇਤਕਰਤਾ ਦਾ ਕਹਿਣਾ ਹੈ ਕਿ ਇਸ ਸਬੰਧੀ ਲਿਖਤੀ ਸੂਚਨਾ ਸੰਸਥਾ ਨੂੰ ਦਿੱਤੀ ਗਈ, ਜਿਸ ਤੋਂ ਬਾਅਦ ਉਨ੍ਹਾਂ ਦੇ ਬੱਚੇ ਨੇ ਸੰਸਥਾ ਜਾਣਾ ਬੰਦ ਕਰ ਦਿੱਤਾ।

ਕੁਝ ਦਿਨਾਂ ਬਾਅਦ ਮੁਹੰਮਦ ਸ਼ਮਸ਼ਾਦ ਅਹਿਮਦ ਨੂੰ ਪਤਾ ਲੱਗਾ ਕਿ ਸੰਸਥਾ ਨੇ ਉਸ ਦੇ ਦੋ ਬੱਚਿਆਂ ਦੀ ਫੀਸ ਲਈ ਦੋ ਵੱਖ-ਵੱਖ ਕਰਜ਼ੇ ਲਏ ਹਨ। ਉਨ੍ਹਾਂ ਨੇ ਇਸ ਬਾਰੇ ਸੰਸਥਾ ਨੂੰ ਸ਼ਿਕਾਇਤ ਕੀਤੀ ਪਰ ਸੰਸਥਾ ਨੇ ਮਾਮਲਾ ਸੁਲਝਾਇਆ ਨਹੀਂ।

## ਦਿੱਲੀ ਵਿਚ 16 ਸਾਲਾ ਲੜਕੇ ਨੇ 367 ਰੁਪਏ ਲਈ 18 ਸਾਲਾ ਲੜਕੇ ਦਾ ਕੀਤਾ ਕਤਲ, ਘਟਨਾ ਸੀ.ਸੀ.ਟੀ.ਵੀ. ਵਿੱਚ ਕੈਦ, 60 ਵਾਰ ਮਾਰਿਆ ਚਾਕੂ



ਨਵੀਂ ਦਿੱਲੀ, 23 ਨਵੰਬਰ (ਪੋਸਟ ਬਿਊਰੋ): ਦਿੱਲੀ ਵਿਚ ਮੰਗਲਵਾਰ 21 ਨਵੰਬਰ ਦੀ ਰਾਤ ਨੂੰ ਜਨਤਾ ਮਜ਼ਦੂਰ ਕਾਲੋਨੀ ਵਿਚ 16 ਸਾਲਾ ਲੜਕੇ ਨੇ ਪੈਸੇ ਲੁੱਟਣ ਲਈ 18 ਸਾਲਾ ਨੌਜਵਾਨ ਦਾ ਕਤਲ ਕਰ ਦਿੱਤਾ।

ਮੁਲਜ਼ਮਾਂ ਨੇ ਪਹਿਲਾਂ ਨੌਜਵਾਨ ਦਾ ਗਲਾ ਘੁੱਟਿਆ, ਜਿਸ ਕਾਰਨ ਉਹ ਬੇਹੋਸ਼ ਹੋ ਗਿਆ। ਇਸ ਤੋਂ ਬਾਅਦ ਮੁਲਜ਼ਮਾਂ ਨੇ ਨੌਜਵਾਨ ਦੇ ਗਲੇ 'ਤੇ ਚਾਕੂ ਨਾਲ 60 ਵਾਰ ਕਰਕੇ ਉਸ ਦਾ ਕਤਲ ਕਰ ਦਿੱਤਾ। ਦੋਸ਼ੀ ਇੱਥੇ ਹੀ ਨਹੀਂ ਰੁਕਿਆ, ਜਦੋਂ ਨੌਜਵਾਨ ਦੀ ਮੌਤ ਹੋ ਗਈ ਤਾਂ ਉਹ ਉਸ ਦੀ ਲਾਸ਼ 'ਤੇ ਨੱਚਣ ਲੱਗਾ। ਇਹ ਸਾਰੀ ਘਟਨਾ ਨੇੜੇ ਲੱਗੇ ਸੀਸੀਟੀਵੀ ਵਿੱਚ ਕੈਦ ਹੋ ਗਈ। ਉੱਤਰੀ ਦਿੱਲੀ ਪੁਲਿਸ ਦੇ ਜੋਏ ਟਿਰਕੀ ਅਨੁਸਾਰ ਨਾਬਾਲਗ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਜਾਂਚ ਦੌਰਾਨ ਪੁਲਿਸ ਨੂੰ ਘਟਨਾ ਵਾਲੀ ਥਾਂ ਦੇ ਨੇੜੇ ਲੱਗੇ ਸੀਸੀਟੀਵੀ ਫੁਟੇਜ ਮਿਲੇ ਹਨ। ਜਿਸ ਵਿੱਚ ਕਤਲ ਦੀ ਸਾਰੀ ਵਾਰਦਾਤ ਨੂੰ ਕੈਦ ਹੈ। ਵੀਡੀਓ ਮੁਤਾਬਕ ਪਹਿਲਾਂ ਮੁਲਜ਼ਮ ਨੇ ਨੌਜਵਾਨ ਦਾ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ। ਇਸ ਤੋਂ ਬਾਅਦ ਉਹ ਉਸ ਨੂੰ ਘੜੀਸ ਕੇ ਸੁੰਨਸਾਨ ਜਗ੍ਹਾ 'ਤੇ ਲੈ ਗਿਆ। ਨੌਜਵਾਨ ਦੀ ਗਰਦਨ 'ਤੇ 60 ਵਾਰ ਚਾਕੂ ਮਾਰਿਆ।

ਇਸ ਤੋਂ ਬਾਅਦ ਉਹ ਉਸ ਦੀ ਲਾਸ਼ 'ਤੇ ਖੜ੍ਹਾ ਹੋ ਗਿਆ ਅਤੇ ਨੱਚਣ ਲੱਗਾ। ਮੰਗਲਵਾਰ ਰਾਤ ਕਰੀਬ 11:15 ਵਜੇ ਪੁਲਿਸ ਨੂੰ ਪੀਸੀਆਰ ਕਾਲ ਆਈ। ਜਿਸ ਵਿੱਚ ਇਹ ਕਤਲ ਸਾਹਮਣੇ ਆਇਆ। ਪੁਲਿਸ ਦਾ ਕਹਿਣਾ ਹੈ ਕਿ ਇਹ ਕਤਲ ਲੁੱਟ-ਖੋਹ ਦੇ ਇਰਾਦੇ ਨਾਲ ਕੀਤਾ ਗਿਆ ਹੈ ਕਿਉਂਕਿ ਦੋਵੇਂ ਇੱਕ ਦੂਜੇ ਨੂੰ ਜਾਣਦੇ ਨਹੀਂ ਸਨ। ਪੁਲਿਸ ਨੇ ਮੁਲਜ਼ਮ ਨੂੰ ਕਾਬੂ ਕਰ ਲਿਆ ਹੈ ਅਤੇ ਉਸ ਕੋਲੋਂ ਨੌਜਵਾਨ ਕੋਲੋਂ ਲੁੱਟੀ ਗਈ ਰਕਮ ਵੀ ਬਰਾਮਦ ਕਰ ਲਈ ਗਈ ਹੈ। ਮ੍ਰਿਤਕ ਦੀ ਪਹਿਚਾਣ ਨਹੀਂ ਹੋ ਸਕੀ ਹੈ।






# Dr. Randhawa Dentistry

*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

**Dr. Samreet Kaur Randhawa**
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

**NEW LOCATION**
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

**FIRST LOCATION**
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
Gore Rd
Squire Ellis Dr
Countryside Dr



# Grand Upholstery Ltd

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com



**URGENTLY NEED NEW LISTINGS IN BRAMPTON/CALEDON**



visit: www.teamjagaujla.com

ADVERTISEMENT GUARANTEED TILL SOLD

# JAG AUJLA
MCNE, REAL ESTATE BROKER
**416-371-7777**
e-mail: j.aujla@rogers.com or visit: www.jagaujla.com

MCNE

**CALL JAG AUJLA FOR A QUICK & FREE HOME EVALUATION**

www.BramptonTopRealtor.com

**RECENTLY LISTED/SOLD IN YOUR NEIGHBOURHOOD**

**Brampton Ontario (108 Toba Cres)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, ਹਾਈਵੇ 410 ਦੇ ਬਿਲਕੁਲ ਨਜ਼ਦੀਕ, ਘਰ ਵਿਚ 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਗਰਾਜ ਤੋਂ ਬੈਕਯਾਰਡ ਤੱਕ ਦਰਵਾਜੇ ਦੀ ਇੰਟਰੈਂਸ, ਪਾਰਕ, ਸਕੂਲ ਅਤੇ ਪਲਾਜ਼ਾ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**Brampton Ontario (30 Gardenbrooke Tr)**



ਖੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ, ਚਾਰਦਿਵਾਰੀ ਦੇ ਨਾਲ ਯਾਰਡ, ਸਕੂਲ, ਪਾਰਕ ਅਤੇ ਪਬਲਿਕ ਟਰਾਂਜ਼ਿਟ ਦੇ ਨੇੜੇ ਅਤੇ ਹੋਰ ਵੀ ਬਹੁਤ ਕੁੱਝ।

**FREE**
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

**JAG AUJLA** MCNE, Real Estate Broker **416-371-7777**
NOT INTENDED TO SOLICIT BUYERS OR SELLERS CURRENTLY UNDER CONTRACT






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017